ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post



SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit **punjabipost.ca/epaper** | Vol 22* Issue 212 | Tuesday, November 21, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online* ਰੋਜ਼ਾਨਾ ਪੜ੍ਹ ਸਕਦੇ ਹੋ


## ਚੋਰੀ ਹੋਏ 24 ਮਿਲੀਅਨ ਦੇ ਸੋਨੇ ਤੇ ਨਕਦੀ ਮਾਮਲੇ ਵਿੱਚ ਕਿਸੇ ਵੀ ਜ਼ਿੰਮੇਵਾਰੀ ਤੋਂ ਏਅਰ ਕੈਨੇਡਾ ਨੇ ਕੀਤਾ ਇਨਕਾਰ

ਮਾਂਟਰੀਅਲ, 20 ਨਵੰਬਰ (ਪੋਸਟ ਬਿਊਰੋ) : ਸਕਿਊਰਿਟੀ ਫਰਮ ਬ੍ਰਿੰਕਸ ਵੱਲੋਂ ਕੀਤੇ ਗਏ ਕੇਸ ਦੇ ਮਾਮਲੇ ਵਿੱਚ ਏਅਰ ਕੈਨੇਡਾ ਨੇ ਸਾਫ ਕਰ ਦਿੱਤਾ ਹੈ ਕਿ ਇਸ ਸਾਲ ਦੇ ਸ਼ੁਰੂ ਵਿੱਚ ਟੋਰਾਂਟੋ ਦੇ ਪੀਅਰਸਨ ਏਅਰਪੋਰਟ ਦੀ ਫੈਸਿਲਿਟੀ ਤੋਂ ਚੋਰੀ ਕੀਤੇ ਗਏ 23.8 ਮਿਲੀਅਨ ਡਾਲਰ ਦੇ ਸੋਨੇ ਤੇ ਨਕਦੀ ਦੇ ਮਾਮਲੇ ਵਿੱਚ ਉਸ ਦੀ ਕੋਈ ਜ਼ਿੰਮੇਵਾਰੀ ਨਹੀਂ ਬਣਦੀ ਹੈ।



ਪਿਛਲੇ ਮਹੀਨੇ ਬ੍ਰਿੰਕਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ 17 ਅਪਰੈਲ ਨੂੰ ਏਅਰ ਕੈਨੇਡਾ ਦੇ ਵੇਅਰਹਾਊਸ ਤੋਂ ਜਾਅਲੀ ਦਸਤਾਵੇਜ਼ ਵਿਖਾ ਕੇ ਇੱਕ ਚੋਰ ਮਹਿੰਗਾ ਸਮਾਨ ਲੈ ਕੇ ਤੁਰਦਾ ਬਣਿਆ। ਇਸ ਮਾਮਲੇ ਵਿੱਚ ਬ੍ਰਿੰਕਸ ਵੱਲੋਂ ਏਅਰਲਾਈਨ ਉੱਤੇ ਕੇਸ ਠੋਕ ਦਿੱਤਾ ਗਿਆ। 8 ਨਵੰਬਰ ਨੂੰ ਆਪਣੇ ਬਚਾਅ ਵਿੱਚ ਏਅਰ ਕੈਨੇਡਾ ਨੇ ਦਿੱਤੇ ਬਿਆਨ ਵਿੱਚ ਆਖਿਆ ਕਿ ਬ੍ਰਿੰਕਸ ਵੱਲੋਂ ਲਾਏ ਗਏ ਸਾਰੇ ਦੋਸ਼ ਗਲਤ ਹਨ ਤੇ ਉਨ੍ਹਾਂ ਵੱਲੋਂ ਆਪਣੇ ਸਾਰੇ ਕੈਰੀਏਜ ਕਾਂਟਰੈਕਟਸ ਪੂਰੇ ਕੀਤੇ ਗਏ ਹਨ ਤੇ ਕਿਸੇ ਵੀ ਮਾਮਲੇ ਵਿੱਚ ਕੋਈ ਲਾਪਰਵਾਹੀ ਨਹੀਂ ਵਰਤੀ ਗਈ।

ਏਅਰ ਕੈਨੇਡਾ ਨੇ ਆਖਿਆ ਕਿ ਬ੍ਰਿੰਕਸ ਨੇ ਵੇਅਬਿੱਲ, ਅਜਿਹਾ ਦਸਤਾਵੇਜ਼ ਜਿਹੜਾ ਅਮੂਮਨ ਕੈਰੀਅਰ ਵੱਲੋਂ ਸ਼ਿਪਮੈਂਟ ਦੇ ਵੇਰਵਿਆਂ ਲਈ ਜਾਰੀ ਕੀਤਾ ਜਾਂਦਾ ਹੈ, ਉੱਤੇ ਸ਼ਿਪਮੈਂਟ ਦੇ ਪੂਰੇ ਵੇਰਵੇ ਹੀ ਨਹੀਂ ਸਨ ਭਰੇ ਤੇ ਜੇ ਬ੍ਰਿੰਕ ਨੂੰ ਕੋਈ ਘਾਟਾ ਪਿਆ ਹੈ ਤਾਂ ਏਅਰ ਕੈਨੇਡਾ ਦੀ ਭਰੋਸੇਯੋਗਤਾ ਨੂੰ ਮਾਂਟਰੀਅਲ ਕਨਵੈਨਸ਼ਨ, ਜੋ ਕਿ ਮਲਟੀਲੇਟਰਲ ਟਰੀਟੀ ਹੈ, ਕਵਰ ਕਰੇਗੀ। ਆਪਣੀ ਸ਼ਿਪਮੈਂਟ ਦੀ ਕੀਮਤ ਦਾ ਐਲਾਨ ਨਾ ਕਰਨ ਦਾ ਬ੍ਰਿੰਕਸ ਸਵਿਟਜ਼ਰਲੈਂਡ ਲਿਮਟਿਡ ਨੇ ਆਪ ਫੈਸਲਾ ਕੀਤਾ ਸੀ ਤੇ ਏਸੀ ਸਕਿਓਰ ਸਰਵਿਸਿਜ਼ ਪ੍ਰੋਡਕਟ ਲਈ ਨਿਰਧਾਰਤ ਰੇਟ ਅਦਾ ਕੀਤਾ ਸੀ। ਏਅਰ ਕੈਨੇਡਾ ਨੇ ਇਹ ਵੀ ਆਖਿਆ ਕਿ ਬ੍ਰਿੰਕਸ ਨੂੰ ਕਿਸੇ ਗੜਬੜੀ ਵਿੱਚ ਨਿਕਲਣ ਵਾਲੇ ਨਤੀਜਿਆਂ ਦਾ ਚੰਗੀ ਤਰ੍ਹਾਂ ਪਤਾ ਸੀ।

ਦੂਜੇ ਪਾਸੇ ਬ੍ਰਿੰਕਸ ਨੇ ਆਖਿਆ ਕਿ ਜਿਊਰਿਖ਼ ਤੋਂ ਪੀਅਰਸਨ ਏਅਰਪੋਰਟ ਉੱਤੇ ਏਅਰ ਕੈਨੇਡਾ ਦੀ ਫਲਾਈਟ ਲੈਂਡ ਹੁੰਦੇ ਸਾਰ ਹੀ ਕੋਈ ਅਣਪਛਾਤਾ ਸ਼ਖ਼ਸ ਏਅਰਲਾਈਨ ਦੇ ਕਾਰਗੋ ਵੇਅਰਹਾਊਸ ਆਇਆ ਤੇ ਉਹ ਜਾਅਲੀ ਵੇਅਬਿੱਲ ਵਿਖਾ ਕੇ ਸਾਰੇ ਸਮਾਨ ਨੂੰ ਲੈ ਕੇ ਤੁਰਦਾ ਬਣਿਆ। ਏਅਰਲਾਈਨ ਦੇ ਸਟਾਫ ਨੇ 400 ਕਿੱਲੋ ਸੋਨਾ, ਜਿਸ ਦੀ ਕੀਮਤ 21.1 ਮਿਲੀਅਨ ਡਾਲਰ ਬਣਦੀ ਹੈ, ਤੇ ਦੋ ਮਿਲੀਅਨ ਨਕਦੀ ਚੋਰ ਦੇ ਹੱਥ ਫੜਾ ਦਿੱਤੀ। ਪੁਲਿਸ ਵੱਲੋਂ ਅਜੇ ਵੀ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਨੂੰ ਨਾ ਤਾਂ ਹੁਣ ਤੱਕ ਸਮਾਨ ਲੱਭਿਆ ਹੈ ਤੇ ਨਾ ਹੀ ਚੋਰ ਲੱਭਿਆ ਹੈ।

## ਗਾਜ਼ਾ ਪੱਟੀ ਛੱਡਣ ਦੀ ਇਜਾਜ਼ਤ ਹਾਸਲ ਕਰਨ ਵਾਲੇ 135 ਕੈਨੇਡੀਅਨਜ਼ ਬਾਰੇ ਨਹੀਂ ਮਿਲ ਰਹੀ ਕੋਈ ਵਾਈ ਧਾਈ

ਓਟਵਾ, 20 ਨਵੰਬਰ (ਪੋਸਟ ਬਿਊਰੋ) : ਜਿਨ੍ਹਾਂ ਕੈਨੇਡੀਅਨਜ਼ ਦੇ ਰਿਸ਼ਤੇਦਾਰ ਗਾਜ਼ਾ ਪੱਟੀ ਵਿੱਚ ਫਸੇ ਹੋਏ ਹਨ, ਉਹ ਅਜੇ ਵੀ ਇਹ ਉਡੀਕ ਕਰ ਰਹੇ ਹਨ ਕਿ ਐਤਵਾਰ ਨੂੰ ਜਿਨ੍ਹਾਂ 135 ਲੋਕਾਂ ਦੇ ਨਾਂ ਗਾਜ਼ਾ ਛੱਡਣ ਲਈ ਕਲੀਅਰ ਹੋ ਗਏ ਸਨ ਉਹ ਉੱਥੋਂ ਕਦੋਂ ਤੁਰਨਗੇ।

ਕਰੌਸਿੰਗਜ਼ ਐਂਡ ਬਾਰਡਰਜ਼ ਲਈ ਗਾਜ਼ਾ ਦੀ ਜਨਰਲ ਅਥਾਰਟੀ ਵੱਲੋਂ ਤਿਆਰ ਰੋਜ਼ਾਨਾਂ ਲਿਸਟ ਵਿੱਚ ਉਨ੍ਹਾਂ ਵਿਦੇਸ਼ੀ ਨਾਗਰਿਕਾਂ ਦੇ ਨਾਂ ਦਰਜ ਹੁੰਦੇ ਹਨ ਜਿਨ੍ਹਾਂ ਨੂੰ ਰਾਫਾਹ ਜ਼ਮੀਨੀ ਲਾਂਘੇ ਰਾਹੀਂ ਮਿਸਰ ਵਿੱਚ ਦਾਖਲ ਹੋਣ ਦੀ ਇਜਾਜ਼ਤ ਮਿਲ ਜਾਂਦੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ 135 ਲੋਕ, ਜਿਨ੍ਹਾਂ ਦਾ ਸਬੰਧ ਕੈਨੇਡਾ ਨਾਲ ਹੈ, ਨੂੰ ਵੀ ਇਹ ਇਜਾਜ਼ਤ ਮਿਲ ਗਈ ਸੀ ਪਰ ਉਨ੍ਹਾਂ ਦੇ ਮਿਸਰ ਲਈ ਰਵਾਨਾ ਹੋਣ ਦੀ ਕੋਈ ਵਾਈ ਧਾਈ ਨਹੀਂ ਮਿਲ ਰਹੀ ਹੈ।



ਗਲੋਬਲ ਅਫੇਅਰਜ਼ ਕੈਨੇਡਾ ਵੱਲੋਂ ਐਤਵਾਰ ਨੂੰ ਇਸ ਸਬੰਧ ਵਿੱਚ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਕਿ ਕਿੰਨੇ ਕੈਨੇਡੀਅਨ ਉੱਥੋਂ ਰਵਾਨਾ ਹੋਣ ਵਾਲੇ ਹਨ। ਆਖਰੀ ਵਾਰੀ ਏਜੰਸੀ ਵੱਲੋਂ ਸ਼ੁੱਕਰਵਾਰ ਨੂੰ ਇਹ ਆਖਿਆ ਗਿਆ ਸੀ ਕਿ 376 ਕੈਨੇਡੀਅਨਜ਼, ਪਰਮਾਨੈਂਟ ਰੈਜ਼ੀਡੈਂਟਸ ਤੇ ਉਨ੍ਹਾਂ ਦੇ ਰਿਸ਼ਤੇਦਾਰ ਫਲਸਤੀਨ ਦੀ ਹੱਦ ਛੱਡਣ ਵਿੱਚ ਕਾਮਯਾਬ ਹੋ ਚੁੱਕੇ ਹਨ। ਗਾਜ਼ਾ ਬਾਰਡਰ ਅਧਿਕਾਰੀਆਂ ਵੱਲੋਂ ਮੁਹੱਈਆ ਕਰਵਾਈ ਗਈ ਤਾਜ਼ਾ ਲਿਸਟ ਵਿੱਚ ਕਿਸੇ ਵੀ ਕੈਨੇਡੀਅਨ ਦਾ ਨਾਂ ਦਰਜ ਨਹੀਂ ਹੈ।

## ਓਨਟਾਰੀਓ ਦੇ ਕਾਲੇਜਾਂ ਨੇ ਫੀਸਾਂ ਵਿੱਚ 5 ਫੀ ਸਦੀ ਵਾਧੇ ਦੀ ਕੀਤੀ ਮੰਗ

ਓਨਟਾਰੀਓ, 20 ਨਵੰਬਰ (ਪੋਸਟ ਬਿਊਰੋ) : ਓਨਟਾਰੀਓ ਦੇ ਕਾਲੇਜ ਚਾਹੁੰਦੇ ਹਨ ਕਿ ਪ੍ਰੋਵਿੰਸ ਪੰਜ ਸਾਲਾਂ ਲਈ ਟਿਊਸ਼ਨ ਫੀਸਾਂ ਵਿੱਚ ਵਾਧੇ ਉੱਤੇ ਲਾਈ ਗਈ ਆਪਣੀ ਰੋਕ ਨੂੰ ਫੌਰਨ ਹਟਾ ਲਵੇ।



ਕਾਲੇਜਿਜ਼ ਓਨਟਾਰੀਓ ਦਾ ਕਹਿਣਾ ਹੈ ਕਿ ਉਹ ਚਾਹੁੰਦੇ ਹਨ ਕਿ ਪ੍ਰੋਵਿੰਸ ਅਗਲੇ ਸਤੰਬਰ ਲਈ ਉਨ੍ਹਾਂ ਨੂੰ ਟਿਊਸ਼ਨ ਫੀਸਾਂ ਵਿੱਚ ਪੰਜ ਫੀ ਸਦੀ ਦਾ ਵਾਧਾ ਕਰਨ ਦੀ ਇਜਾਜ਼ਤ ਦੇਵੇ। ਇਸ ਦੇ ਨਾਲ ਹੀ ਆਪਰੇਟਿੰਗ ਗ੍ਰਾਂਟਸ ਵਿੱਚ 10 ਫੀ ਸਦੀ ਵਾਧਾ ਕੀਤੇ ਜਾਣ ਦੀ ਵੀ ਮੰਗ ਕੀਤੀ ਜਾ ਰਹੀ ਹੈ। ਵੱਧ ਮੰਗ ਵਾਲੇ ਪ੍ਰੋਗਰਾਮਾਂ ਵਿੱਚ ਵਧੇਰੇ ਵਿਦਿਆਰਥੀਆਂ ਨੂੰ ਸ਼ਾਮਲ ਕਰਨ ਉੱਤੇ ਲਾਈ ਗਈ ਰੋਕ ਨੂੰ ਵੀ ਓਨਟਾਰੀਓ ਦੇ ਕਾਲੇਜ ਚਾਹੁੰਦੇ ਹਨ ਕਿ ਸਰਕਾਰ ਹਟਾ ਲਵੇ।

ਪਿਛਲੇ ਹਫਤੇ ਇੱਕ ਆਜ਼ਾਦਾਨਾ ਪੈਨਲ ਨੇ ਪਾਇਆ ਕਿ ਪ੍ਰੋਵਿੰਸ ਭਰ ਦੇ ਕਾਲੇਜਾਂ ਤੇ ਯੂਨੀਵਰਸਿਟੀਜ਼ ਨੂੰ ਵਿੱਤੀ ਤੌਰ ਉੱਤੇ ਸੰਘਰਸ਼ ਕਰਨਾ ਪੈ ਰਿਹਾ ਹੈ। ਕਾਲੇਜਿਜ਼ ਐਂਡ ਯੂਨੀਵਰਸਿਟੀਜ਼ ਮੰਤਰੀ ਜਿੱਲ ਡਨਲਪ ਨੇ ਆਖਿਆ ਕਿ ਸਰਕਾਰ ਇਸ ਰਿਪੋਰਟ ਦਾ ਮੁਲਾਂਕਣ ਕਰ ਰਹੀ ਹੈ।

## ਵੇਜ ਸਬਸਿਡੀ ਪ੍ਰੋਗਰਾਮ ਲਈ ਯੋਗ ਹੀ ਨਹੀਂ ਸਨ ਬਹੁਤੇ ਸਬਸਿਡੀਜ਼ ਹਾਸਲ ਕਰਨ ਵਾਲੇ

ਓਟਵਾ, 20 ਨਵੰਬਰ (ਪੋਸਟ ਬਿਊਰੋ) : ਮਹਾਂਮਾਰੀ ਦੇ ਸਮੇਂ ਵੇਜ ਸਬਸਿਡੀ ਪ੍ਰੋਗਰਾਮ ਰਾਹੀਂ ਇੰਪਲੌਇਅਰਜ਼ ਨੂੰ ਵੰਡੇ ਗਏ 458 ਮਿਲੀਅਨ ਡਾਲਰ ਕੈਨੇਡਾ ਰੈਵਨਿਊ ਏਜੰਸੀ ਵੱਲੋਂ ਜਾਂ ਤਾਂ ਐਡਜਸਟ ਕਰ ਦਿੱਤੇ ਗਏ ਹਨ ਤੇ ਜਾਂ ਇਨ੍ਹਾਂ ਨੂੰ ਦੇਣ ਤੋਂ ਮਨ੍ਹਾਂ ਕਰ ਦਿੱਤਾ ਹੈ। ਅਜਿਹਾ ਅੰਸ਼ਕ ਤੌਰ ਉੱਤੇ ਮੁਕੰਮਲ ਹੋਈ ਆਡਿਟਿੰਗ ਪ੍ਰਕਿਰਿਆ ਤੋਂ ਬਾਅਦ ਕੀਤਾ ਗਿਆ ਹੈ।



ਏਜੰਸੀ ਵੱਲੋਂ ਸੋਮਵਾਰ ਨੂੰ ਕੈਨੇਡਾ ਐਮਰਜੰਸੀ ਵੇਜ ਸਬਸਿਡੀ (ਸੀਈਡਬਲਿਊਐਸ)ਪ੍ਰੋਗਰਾਮ ਦੇ ਆਡਿਟ ਦੀਆਂ ਲੱਭਤਾਂ ਨੂੰ ਵਿਸਥਾਰਪੂਰਬਕ ਜਾਰੀ ਕੀਤਾ ਜਾਵੇਗਾ। ਇਨ੍ਹਾਂ ਲੱਭਤਾਂ ਵਿੱਚ 31 ਮਾਰਚ ਨੂੰ ਮੁੱਕੇ ਅਰਸੇ ਤੱਕ ਦਾ ਵੇਰਵਾ ਹੋਵੇਗਾ ਪਰ ਇਸ ਰਿਪੋਰਟ ਵਿੱਚ 29 ਸਤੰਬਰ ਤੱਕ ਦੇ ਅੰਕੜੇ ਅਪਡੇਟ ਕੀਤੇ ਮਿਲਣਗੇ। ਸੀਈਡਬਲਿਊਐਸ ਪ੍ਰੋਗਰਾਮ ਤਹਿਤ ਕਾਰੋਬਾਰੀਆਂ ਨੂੰ ਕੋਵਿਡ-19 ਮਹਾਂਮਾਰੀ ਦੌਰਾਨ ਆਪਣੇ ਮੁਲਾਜ਼ਮਾਂ ਨੂੰ ਬਣਾਈ ਰੱਖਣ ਲਈ 75 ਫੀ ਸਦੀ ਤੱਕ ਭੱਤਿਆਂ ਉੱਤੇ ਸਬਸਿਡੀ ਦਿੱਤੀ ਗਈ ਸੀ। ਕੁੱਲ ਮਿਲਾ ਕੇ ਇਸ ਪ੍ਰੋਗਰਾਮ ਤਹਿਤ 100 ਬਿਲੀਅਨ ਡਾਲਰ ਦੀ ਵੇਜ ਸਬਸਿਡੀ ਵੰਡੀ ਗਈ।

ਪਿਛਲੇ ਸਾਲ ਆਡੀਟਰ ਜਨਰਲ ਕੈਰਨ ਹੋਗਨ ਵੱਲੋਂ ਪੇਸ਼ ਕੀਤੀ ਗਈ ਰਿਪੋਰਟ ਵਿੱਚ ਇਹ ਚੇਤਾਵਨੀ ਦਿੱਤੀ ਗਈ ਸੀ ਕਿ ਹਜ਼ਾਰਾਂ ਕਾਰੋਬਾਰੀਆਂ, ਜਿਨ੍ਹਾਂ ਨੇ ਵੇਜ ਸਬਸਿਡੀਜ਼ ਹਾਸਲ ਕੀਤੀਆਂ, ਉਹ ਇਸ ਪ੍ਰੋਗਰਾਮ ਲਈ ਯੋਗ ਹੀ ਨਹੀਂ ਸਨ। ਅਜਿਹੇ ਕਾਰੋਬਾਰੀਆਂ ਵੱਲੋਂ ਫਾਈਲ ਕੀਤੀ ਗਈ ਜੀਐਸਟੀ ਤੇ ਐਚਐਸਟੀ ਵਿੱਚ ਉਨ੍ਹਾਂ ਦੀ ਆਮਦਨ ਵਿੱਚ ਕੋਈ ਵੀ ਕਮੀ ਦਰਜ ਨਹੀਂ ਕੀਤੀ ਗਈ, ਜਿਸ ਸਦਕਾ ਉਹ ਇਸ ਪ੍ਰੋਗਰਾਮ ਲਈ ਕੁਆਲੀਫਾਈ ਕਰ ਸਕਦੇ ਸਨ। ਬਹੁਤੀ ਐਡਜਸਟਮੈਂਟ ਕੈਲਕੂਲੇਸ਼ਨ ਵਿੱਚ ਗਲਤੀਆਂ ਹੋਣ ਕਾਰਨ ਤੇ ਦਸਤਾਵੇਜ਼ਾਂ ਦੀ ਘਾਟ ਕਾਰਨ ਕਰਨੀ ਪਈ।

ਮਾਰਚ ਦੇ ਅੰਤ ਤੱਕ ਕੀਤੇ ਗਈ 5•53 ਬਿਲੀਅਨ ਡਾਲਰ ਦੇ ਆਡਿਟਸ ਵਿੱਚੋਂ 325 ਮਿਲੀਅਨ ਡਾਲਰ ਦੇ ਕਲੇਮਜ਼ ਜਾਂ ਤਾਂ ਖ਼ਤਮ ਕਰ ਦਿੱਤੇ ਗਏ ਜਾਂ ਉਨ੍ਹਾਂ ਤੋਂ ਇਨਕਾਰ ਕਰ ਦਿੱਤਾ ਗਿਆ। ਆਡੀਟਰ ਜਨਰਲ ਨੇ ਇਹ ਵੀ ਪਾਇਆ ਕਿ 134•5 ਮਿਲੀਅਨ ਡਾਲਰ ਦੇ ਕਲੇਮਜ਼ ਨੂੰ ਜਾਂ ਤਾਂ ਐਡਜਸਟ ਕਰਨ ਦੀ ਲੋੜ ਸੀ ਤੇ ਜਾਂ ਉਨ੍ਹਾਂ ਨੂੰ ਮਨ੍ਹਾਂ ਕਰਨ ਦੀ ਲੋੜ ਸੀ। ਸਤੰਬਰ ਦੇ ਅੰਤ ਤੱਕ ਜਿਨ੍ਹਾਂ ਕਲੇਮਜ਼ ਨੂੰ ਐਡਜਸਟ ਕੀਤਾ ਗਿਆ ਜਾਂ ਜਿਨ੍ਹਾਂ ਨੂੰ ਮਨ੍ਹਾਂ ਕਰ ਦਿੱਤਾ ਗਿਆ ਉਨ੍ਹਾਂ ਦਾ ਮੁੱਲ 458 ਮਿਲੀਅਨ ਡਾਲਰ ਤੱਕ ਪਹੁੰਚ ਗਿਆ।

## ਪੁਲਿਸ ਅਧਿਕਾਰੀ ਉੱਤੇ ਹਮਲਾ ਕਰਨ ਵਾਲੀਆਂ 3 ਟੀਨੇਜਰ ਕੁੜੀਆਂ ਨੂੰ ਕੀਤਾ ਗਿਆ ਚਾਰਜ

ਬਰੈਂਪਟਨ, 20 ਨਵੰਬਰ (ਪੋਸਟ ਬਿਊਰੋ) : ਬਰੈਂਪਟਨ ਦੇ ਹਾਈ ਸਕੂਲ ਵਿੱਚ ਇੱਕ ਮਹਿਲਾ ਪੁਲਿਸ ਅਧਿਕਾਰੀ ਉੱਤੇ ਕਥਿਤ ਤੌਰ ਉੱਤੇ ਹਮਲਾ ਕਰਕੇ ਉਸ ਨੂੰ ਜ਼ਖ਼ਮੀ ਕਰਨ ਵਾਲੀਆਂ ਤਿੰਨ ਟੀਨੇਜਰ ਕੁੜੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।



ਪੀਲ ਰੀਜਨਲ ਪੁਲਿਸ ਨੂੰ ਕਾਰਡੀਨਲ ਲੈਜਰ ਸੈਕੰਡਰੀ ਸਕੂਲ ਵਿੱਚ ਵਾਪਰੀ ਇਸ ਘਟਨਾ ਦੀ ਜਾਣਕਾਰੀ 9 ਨਵੰਬਰ ਨੂੰ ਸਵੇਰੇ 10:00 ਵਜੇ ਤੋਂ ਪਹਿਲਾਂ ਦਿੱਤੀ ਗਈ। ਹਾਈ ਸਕੂਲ ਦੇ ਪ੍ਰਿੰਸੀਪਲ ਨੇ 911 ਉੱਤੇ ਕਾਲ ਕਰਕੇ ਇਹ ਜਾਣਕਾਰੀ ਦਿੱਤੀ ਕਿ ਕੁੱਝ ਵਿਦਿਆਰਥੀਆਂ ਵੱਲੋਂ ਪੁਲਿਸ ਅਧਿਕਾਰੀ ਉੱਤੇ ਹਮਲਾ ਕੀਤਾ ਗਿਆ ਹੈ। ਜਾਂਚ ਤੋਂ ਸਾਹਮਣੇ ਆਇਆ ਕਿ ਯੂਥ ਇਨਵੈਸਟੀਗੇਟਿਵ ਅਧਿਕਾਰੀ ਪ੍ਰਿੰਸੀਪਲ ਦੇ ਕਹਿਣ ਉੱਤੇ ਕਿਸੇ ਹੋਰ ਮਸਲੇ ਕਾਰਨ ਹਾਈ ਸਕੂਲ ਆਈ ਸੀ। ...ਬਾਕੀ ਪੰਨਾ 3 'ਤੇ


NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7


CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial
Brokerage Lic. 12538
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਪਾਕਿਸਤਾਨ ਦੀ ਐਰਿਕਾ ਰੌਬਿਨ ਨੇ ਮਿਸ ਯੂਨੀਵਰਸ ਮੁਕਾਬਲੇ ਵਿਚ ਲਿਆ ਹਿੱਸਾ, ਪਾਕਿਸਤਾਨ ਦੀ ਪ੍ਰਤੀਨਿਧਤਾ ਕਰਨ ਵਾਲੀ ਪਹਿਲੀ ਮਹਿਲਾ ਬਣੀ




ਇਸਲਾਮਾਬਾਦ, 20 ਨਵੰਬਰ (ਪੋਸਟ ਬਿਊਰੋ): ਪਾਕਿਸਤਾਨ ਦੀ ਐਰਿਕਾ ਰੌਬਿਨ ਮਿਸ ਯੂਨੀਵਰਸ ਮੁਕਾਬਲੇ 2023 ਵਿਚ ਪਾਕਿਸਤਾਨ ਦੀ ਪ੍ਰਤੀਨਿਧਤਾ ਕਰਨ ਵਾਲੀ ਪਹਿਲੀ ਮਹਿਲਾ ਬਣ ਗਈ ਹੈ ਅਤੇ ਚੋਟੀ ਦੇ 20 ਪ੍ਰਤੀਯੋਗੀਆਂ ਦੀ ਸੂਚੀ ਵਿਚ ਵੀ ਜਗ੍ਹਾ ਬਣਾ ਲਈ ਹੈ। ਅਲ ਸਲਵਾਡੋਰ ਦੇ ਸੈਨ ਸਲਵਾਡੋਰ ਦੇ ਜੋਸ ਅਡੋਲਫੋ ਪਿਨੇਡਾ ਦੇ ਇਸ ਮੁਕਾਬਲੇ ਵਿੱਚ ਹਿੱਸਾ ਲੈ ਕੇ ਏਰਿਕਾ ਇਸ ਸੁੰਦਰਤਾ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੀ ਪਹਿਲੀ ਪਾਕਿਸਤਾਨੀ ਮਹਿਲਾ ਬਣ ਗਈ ਹੈ। 24 ਸਾਲਾ ਏਰਿਕਾ ਸੁੰਦਰਤਾ ਮੁਕਾਬਲੇ ਦੇ 72ਵੇਂ ਐਡੀਸ਼ਨ ਦੌਰਾਨ ਚੋਟੀ ਦੇ 20 ਪ੍ਰਤੀਯੋਗੀਆਂ ਦੀ ਸੂਚੀ ਵਿੱਚ ਥਾਂ ਬਣਾਉਣ ਵਿੱਚ ਕਾਮਯਾਬ ਰਹੀ। ਸੁੰਦਰਤਾ ਮੁਕਾਬਲੇ ਵਿੱਚ 80 ਤੋਂ ਵੱਧ ਦੇਸ਼ਾਂ ਨੇ ਹਿੱਸਾ ਲਿਆ।

ਪਾਕਿਸਤਾਨ ਦੀ ਪਹਿਲੀ ਮੁਕਾਬਲੇਬਾਜ਼ ਨੇ ਸਵਿਮਸੂਟ ਮੁਕਾਬਲੇ ਦੌਰਾਨ ਜ਼ਬਰਦਸਤ ਬਿਆਨ ਦਿੱਤਾ। ਏਰਿਕਾ ਨੇ ਸ਼ਨੀਵਾਰ ਨੂੰ ਸੈਨ ਸਲਵਾਡੋਰ ਵਿੱਚ ਮਿਸ ਯੂਨੀਵਰਸ ਸਟੇਜ 'ਤੇ ਆਪਣੀ ਵਾਕ ਸ਼ੁਰੂ ਕਰਦਿਆਂ ਭੀੜ ਨੂੰ ਹੈਰਾਨ ਕਰ ਦਿੱਤਾ। ਜ਼ਿਕਰਯੋਗ ਹੈ ਕਿ ਰੌਬਿਨ ਨੂੰ ਇਸ ਸਾਲ ਸਤੰਬਰ 'ਚ 'ਮਿਸ ਯੂਨੀਵਰਸ ਪਾਕਿਸਤਾਨ' ਦਾ ਤਾਜ ਪਹਿਨਾਇਆ ਗਿਆ ਸੀ। ਲਗਭਗ 90 ਦੇਸ਼ਾਂ ਦੇ ਉਮੀਦਵਾਰਾਂ ਵਿਚਕਾਰ ਤਿੱਖੇ ਮੁਕਾਬਲੇ ਤੋਂ ਬਾਅਦ, ਮਿਸ ਨਿਕਾਰਾਗੁਆ 72ਵੀਂ ਮਿਸ ਯੂਨੀਵਰਸ ਵਜੋਂ ਉਭਰੀ।

## ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਵੱਲੋਂ ਜੰਗੀ ਬੇੜੇ ਵਿਚ ਸੋਨਾਰ ਪ੍ਰਣਾਲੀ ਦੀ ਕਰਨ 'ਤੇ ਚੀਨ ਦੀ ਆਲੋਚਨਾ



ਕੈਨਬਰਾ, 20 ਨਵੰਬਰ (ਪੋਸਟ ਬਿਊਰੋ): ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਨੇ ਸੋਮਵਾਰ ਨੂੰ ਚੀਨੀ ਅਤੇ ਆਸਟ੍ਰੇਲੀਆਈ ਜੰਗੀ ਬੇੜੇ ਵਿਚਾਲੇ ਹੋਏ 'ਖਤਰਨਾਕ' ਮੁਕਾਬਲੇ ਨੂੰ ਲੈ ਕੇ ਚੀਨ ਦੀ ਆਲੋਚਨਾ ਕੀਤੀ। ਹਾਲਾਂਕਿ ਉਨ੍ਹਾਂ ਨੇ ਇਹ ਨਹੀਂ ਦੱਸਿਆ ਕਿ ਉਨ੍ਹਾਂ ਨੇ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਨਾਲ ਹਾਲ ਹੀ 'ਚ ਗੱਲਬਾਤ ਦੌਰਾਨ ਇਹ ਮੁੱਦਾ ਉਠਾਇਆ ਸੀ ਜਾਂ ਨਹੀਂ।

ਅਲਬਾਨੀਜ਼ ਨੇ ਸੋਮਵਾਰ ਨੂੰ ਕਿਹਾ ਕਿ ਸ਼ੀ ਨਾਲ ਉਨ੍ਹਾਂ ਦੀ ਗੱਲਬਾਤ ਰਸਮੀ ਦੁਵੱਲੀ ਮੀਟਿੰਗ ਦੀ ਬਜਾਏ ਨਿੱਜੀ ਸੀ। ਅਲਬਾਨੀਜ਼ ਨੇ ਆਪਣੇ ਸੰਸਦ ਭਵਨ ਦਫ਼ਤਰ ਵਿੱਚ ਸਕਾਈ ਨਿਊਜ਼ ਨੂੰ ਦੱਸਿਆ, "ਮੈਂ ਨਿੱਜੀ ਮੀਟਿੰਗਾਂ, ਵਿਚਾਰ-ਵਟਾਂਦਰੇ ਬਾਰੇ ਗੱਲ ਨਹੀਂ ਕਰਦਾ ਜੋ ਮੈਂ ਕਿਸੇ ਵਿਸ਼ਵ ਨੇਤਾ ਨਾਲ ਕਰਦਾ ਹਾਂ।" ਇਹ ਇੱਕ ਘਟਨਾ ਹੈ। ਇਸ ਲਈ ਅਸੀਂ ਸਾਡੇ ਲਈ ਉਪਲਬਧ ਸਾਰੇ ਫੋਰਮਾਂ 'ਤੇ ਸਾਰੇ ਢੁਕਵੇਂ ਸੰਪਰਕਾਂ ਰਾਹੀਂ, ਬਹੁਤ ਸਪੱਸ਼ਟ ਤੌਰ 'ਤੇ ਚੀਨ ਨੂੰ ਆਪਣੇ ਸਖ਼ਤ ਇਤਰਾਜ਼ ਪੇਸ਼ ਕੀਤੇ ਹਨ।

ਅਲਬਾਨੀਜ਼ ਨੇ ਕਿਹਾ ਕਿ ਪਿਛਲੇ ਮੰਗਲਵਾਰ ਨੂੰ ਇੱਕ ਆਸਟ੍ਰੇਲੀਆਈ ਗੋਤਾਖੋਰ ਜ਼ਖਮੀ ਹੋ ਗਿਆ ਸੀ ਜਦੋਂ ਇੱਕ ਚੀਨੀ ਵਿਨਾਸ਼ਕਾਰੀ ਨੇ ਅੰਤਰਰਾਸ਼ਟਰੀ ਪਾਣੀਆਂ ਵਿੱਚ ਇੱਕ ਆਸਟ੍ਰੇਲੀਆਈ ਜੰਗੀ ਬੇੜੇ ਦੇ ਨੇੜੇ ਸੋਨਾਰ ਸਿਸਟਮ ਦੀ ਵਰਤੋਂ ਕੀਤੀ ਸੀ। ਰੱਖਿਆ ਮੰਤਰੀ ਰਿਚਰਡ ਮਾਰਲੇਸ ਨੇ ਸ਼ਨੀਵਾਰ ਨੂੰ ਕਿਹਾ ਕਿ ਉਨ੍ਹਾਂ ਨੇ ਵਿਨਾਸ਼ਕਾਰੀ ਦੇ ਅਸੁਰੱਖਿਅਤ ਅਤੇ ਗੈਰ-ਪੇਸ਼ੇਵਰ ਵਿਵਹਾਰ ਨੂੰ ਲੈ ਕੇ ਬੀਜਿੰਗ ਕੋਲ ਗੰਭੀਰ ਚਿੰਤਾਵਾਂ ਜ਼ਾਹਰ ਕੀਤੀਆਂ ਹਨ। ਮੁਕਾਬਲੇ ਅਤੇ ਮਾਰਲੇਸ ਦੇ ਬਿਆਨ ਵਿਚਕਾਰ ਅਲਬਾਨੀਜ਼ ਨੇ ਸੈਨ ਫਰਾਂਸਿਸਕੋ ਵਿੱਚ ਏਸ਼ੀਆ-ਪ੍ਰਸ਼ਾਂਤ ਦੇ ਨੇਤਾਵਾਂ ਦੇ ਸੰਮੇਲਨ ਤੋਂ ਇਲਾਵਾ ਸ਼ੀ ਨਾਲ ਗੱਲ ਕੀਤੀ।

## ਅੱਜ ਨਾਮਾ

ਹਾਰ ਗਿਆ ਮੈਚ ਤੇ ਰੋਈ ਨਾ ਜਾਉ ਬੇਲੀ,
ਵਾਰੀ ਅਗਲੀ ਵੀ ਆਈ ਕਿ ਆਈ ਬੇਲੀ।
ਖੇਡਾਂ ਖੇਡਦਿਆਂ ਸਦਾ ਨਹੀਂ ਜਿੱਤ ਮਿਲਦੀ,
ਗਾਰੰਟੀ ਜਾਂਦੀ ਨਹੀਂ ਕਰੀ-ਕਰਾਈ ਬੇਲੀ।
ਭਾਵਨਾ ਖੇਡ ਦੀ ਕੀਹਨੂੰ ਜੀ ਕਿਹਾ ਜਾਂਦਾ,
ਬਾਤ ਇਹ ਕਦੇ ਨਾ ਕਿਸੇ ਸਿਖਾਈ ਬੇਲੀ।
ਸਾਰੀ ਦੁਨੀਆ ਪਈ ਖੇਡ ਦਾ ਮਜ਼ਾ ਲੈਂਦੀ,
ਭਾਰਤ-ਪਾਕਿ ਬੱਸ ਕੀਤਾ ਸ਼ੁਦਾਈ ਬੇਲੀ।
ਕਈ ਜਨੂੰਨੀ ਤਾਂ ਲੱਗ ਗਏ ਰੋਣ-ਪਿੱਟਣ,
ਅਸਲੋਂ ਹੋ ਗਏ ਕੁਝ ਲੋਕ ਮਾਯੂਸ ਬੇਲੀ।
ਅਕਲ ਵਾਲੇ ਨਹੀਂ ਕਦੇ ਵੀ ਇੰਜ ਕਰਦੇ,
ਕਰਦੇ ਹਾਰ ਉਹ ਸਿਰਫ ਮਹਿਸੂਸ ਬੇਲੀ।

**ਤੀਸ ਮਾਰ ਖਾਂ**

## ਕੈਲੀਫੋਰਨੀਆ ਵਿਚ 5 ਸਾਲਾ ਬੱਚੇ ਨੇ ਆਪਣੇ ਭਰਾ ਦੇ ਮਾਰਿਆ ਚਾਕੂ

ਸਕਾਟਸ ਵੈਲੀ, 20 ਨਵੰਬਰ (ਪੋਸਟ ਬਿਊਰੋ): ਬੀਤੇ ਦਿਨ ਅਮਰੀਕਾ ਦੇ ਕੈਲੀਫੋਰਨੀਆ ਵਿਚ ਇਕ 5 ਸਾਲਾ ਬੱਚੇ ਨੇ ਆਪਣੇ ਜੌੜੇ ਭਰਾ ਨੂੰ ਚਾਕੂ ਮਾਰ ਕੇ ਗੰਭੀਰ ਜ਼ਖਮੀ ਕਰ ਦਿੱਤਾ, ਜਿਸ ਦੀ ਬਾਅਦ ਵਿਚ ਮੌਤ ਹੋ ਗਈ। ਸਾਂਤਾ ਕਰੂਜ਼ ਕਾਊਂਟੀ ਸ਼ੈਰਿਫ ਦੇ ਦਫਤਰ ਅਨੁਸਾਰ ਬੁੱਧਵਾਰ ਨੂੰ ਸਕਾਟਸ ਵੈਲੀ ਵਿੱਚ ਜੌੜੇ ਬੱਚੇ ਲੜ ਰਹੇ ਸਨ ਜਦੋਂ ਇੱਕ ਭਰਾ ਨੇ ਰਸੋਈ ਵਿੱਚ ਵਰਤਿਆ ਜਾਣ ਵਾਲਾ ਚਾਕੂ ਲਿਆ ਅਤੇ ਆਪਣੇ ਭਰਾ ਨੂੰ ਚਾਕੂ ਮਾਰ ਦਿੱਤਾ। ਜ਼ਖਮੀ ਬੱਚੇ ਦੀ ਹਸਪਤਾਲ 'ਚ ਮੌਤ ਹੋ ਗਈ। ਸ਼ੈਰਿਫ ਦੇ ਦਫਤਰ ਨੇ ਵੀਰਵਾਰ ਨੂੰ ਇਕ ਫੇਸਬੁੱਕ ਪੋਸਟ ਵਿਚ ਕਿਹਾ, "ਸਾਡੀ ਹਮਦਰਦੀ ਇਨ੍ਹਾਂ ਬੱਚਿਆਂ ਦੇ ਪਰਿਵਾਰ ਨਾਲ ਹੈ। ਇਸ ਮੁਸ਼ਕਲ ਸਮੇਂ ਵਿਚ ਅਸੀਂ ਉਨ੍ਹਾਂ ਦੇ ਨਾਲ ਹਾਂ।" ਮੌਜੂਦਾ ਜਾਂਚ ਦੇ ਆਧਾਰ 'ਤੇ ਕਿਸੇ ਹੋਰ ਧਿਰ ਵੱਲੋਂ ਲਾਪਰਵਾਹੀ ਜਾਂ ਅਪਰਾਧਿਕ ਗਤੀਵਿਧੀ ਦਾ ਕੋਈ ਸੰਕੇਤ ਨਹੀਂ ਮਿਲਿਆ ਹੈ।" ਸਕਾਟਸ ਵੈਲੀ ਸੈਨ ਫਰਾਂਸਿਸਕੋ ਤੋਂ ਲਗਭਗ 89 ਕਿਲੋਮੀਟਰ ਦੱਖਣ ਵੱਲ ਹੈ।

## ਐੱਫ1 ਰੇਸ ਵਿਚ ਰਿਕਾਰਡ ਤੋੜ ਗਿਣਤੀ ਵਿਚ ਪਹੁੰਚੇ ਪ੍ਰਾਈਵੇਟ ਜੈੱਟ




ਨਿਊਯਾਰਕ, 20 ਨਵੰਬਰ (ਪੋਸਟ ਬਿਊਰੋ): ਲਾਸ ਵੇਗਾਸ ਵਿਚ 16 ਤੋਂ 18 ਨਵੰਬਰ ਤੱਕ 1 ਰੇਸ ਆਯੋਜਿਤ ਕੀਤੀ ਗਈ। ਇਸ ਐੱਫ1 ਰੇਸ ਨੂੰ ਦੇਖਣ ਲਈ ਲੋਕ ਸੈਂਕੜੇ ਪ੍ਰਾਈਵੇਟ ਜੈੱਟਾਂ ਵਿਚ ਬੈਠ ਕੇ ਪੁੱਜੇ। ਉਂਝ ਇਸ ਰੇਸ ਲਈ ਰਿਕਾਰਡ ਤੋੜ 400+ ਨਿੱਜੀ ਜੈਟ ਆਉਣ ਦੀ ਉਮੀਦ ਕੀਤੀ ਗਈ ਸੀ। ਐਕਸ਼ਨ ਨਾਲ ਭਰਪੂਰ ਲਾਸ ਵੇਗਾਸ ਗ੍ਰਾਂਡ ਪ੍ਰੀਕਸ ਦੇ ਅੰਤ ਵਿੱਚ ਮੈਕਸ ਵਰਸਟੈਪੇਨ ਸਿਖਰ 'ਤੇ ਉੱਭਰਿਆ, ਜਿਸ ਨੇ ਚਾਰਲਸ ਲੇਕਲਰਕ ਅਤੇ ਰੈੱਡ ਬੁੱਲ ਟੀਮ ਦੇ ਸਾਥੀ ਸਰਜੀਓ ਪੇਰੇਜ਼ ਨੂੰ ਚੈਕਰਡ ਫਲੈਗ ਵਿੱਚ ਹਰਾਇਆ।

ਹੈਰੀ ਰੀਡ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਅਧਿਕਾਰੀਆਂ ਦਾ ਕਹਿਣਾ ਸੀ ਕਿ ਫਾਰਮੂਲਾ 1 ਲਾਸ ਵੇਗਾਸ ਵੈਲੀ ਵਿੱਚ ਆਮ ਹਵਾਬਾਜ਼ੀ ਲਈ ਇੱਕ ਬੇਮਿਸਾਲ ਘਟਨਾ ਹੋਵੇਗੀ। ਇਸ ਦੌਰਾਨ ਏਅਰਪੋਰਟ ਪਾਰਕਿੰਗ ਦੀ ਬਹੁਤ ਜ਼ਿਆਦਾ ਮੰਗ ਰਹੀ ਕਿਉਂਕਿ ਲਾਸ ਵੇਗਾਸ ਵਿੱਚ 1 ਰੇਸ ਲਈ ਬਹੁਤ ਸਾਰੇ ਪ੍ਰਾਈਵੇਟ ਜੈੱਟ ਆਏ। ਹੈਰੀ ਰੀਡ ਇੰਟਰਨੈਸ਼ਨਲ ਏਅਰਪੋਰਟ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਹੈਂਡਰਸਨ ਐਗਜ਼ੀਕਿਊਟਿਵ ਏਅਰਪੋਰਟ ਅਤੇ ਨੌਰਥ ਲਾਸ ਵੇਗਾਸ ਏਅਰਪੋਰਟ 'ਤੇ ਪ੍ਰਾਈਵੇਟ ਜਹਾਜ਼ਾਂ ਲਈ ਰਾਤ ਭਰ ਦੀ ਪਾਰਕਿੰਗ ਪੂਰੀ ਤਰ੍ਹਾਂ ਬੁੱਕ ਰਹੀ।

ਦੋਵੇਂ ਹਵਾਈ ਅੱਡਿਆਂ ਦੀ ਮਲਕੀਅਤ ਤੇ ਸੰਚਾਲਨ ਕਲਾਰਕ ਕਾਉਂਟੀ ਕੋਲ ਸੀ। ਫੌਕਸ5 ਨੇ ਮੰਗਲਵਾਰ ਨੂੰ ਉਨ੍ਹਾਂ ਹਵਾਈ ਅੱਡਿਆਂ 'ਤੇ ਪ੍ਰਾਈਵੇਟ ਜੈੱਟ ਦੇਖੇ, ਪਰ ਬੁੱਧਵਾਰ ਤੱਕ ਕਈ ਹੋਰ ਆਉਣ ਦੀ ਉਮੀਦ ਸੀ। ਬੋਲਡਰ ਸਿਟੀ ਏਅਰਪੋਰਟ ਦੇ ਸਟਾਫ ਦਾ ਕਹਿਣਾ ਹੈ ਕਿ ਉੱਥੇ ਰਾਤੋ-ਰਾਤ ਪਾਰਕਿੰਗ ਵੀ ਬੁੱਕ ਕੀਤੀ ਜਾਂਦੀ ਹੈ, ਜਿਵੇਂ ਕਿ ਮੇਸਕੁਇਟ ਮਿਊਂਸੀਪਲ ਏਅਰਪੋਰਟ 'ਤੇ ਪ੍ਰਾਈਵੇਟ ਜੈੱਟਾਂ ਲਈ 10 ਸਥਾਨ ਹਨ। ਉੱਥੇ ਦੇ ਸਟਾਫ ਦਾ ਕਹਿਣਾ ਹੈ ਕਿ ਉਨ੍ਹਾਂ ਕੋਲ ਛੋਟੇ ਜਹਾਜ਼ਾਂ ਲਈ ਪਾਰਕਿੰਗ ਹੈ। ਹਵਾਈ ਅੱਡਿਆਂ ਦਾ ਕਹਿਣਾ ਹੈ ਕਿ ਜਦੋਂ ਪਾਰਕਿੰਗ ਭਰੀ ਹੋਈ ਹੈ, ਤਾਂ ਵੀ ਜਹਾਜ਼ ਹਵਾਈ ਅੱਡਿਆਂ 'ਤੇ ਯਾਤਰੀਆਂ ਨੂੰ ਉਤਾਰਨ ਅਤੇ ਚੁੱਕਣ ਲਈ ਉਤਰਨ ਦੇ ਯੋਗ ਹੋਣਗੇ। ਹੈਰੀ ਰੀਡ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਸਾਲ ਹਵਾਈ ਜਹਾਜ਼ਾਂ ਲਈ ਵਿਸ਼ੇਸ਼ ਸਮਾਗਮਾਂ ਦੀ ਫੀਸ ਰਹੀ। "ਸਮੂਹ ਦੋ ਅਤੇ ਤਿੰਨ" ਹਵਾਈ ਜਹਾਜ਼ਾਂ ਲਈ ਫ਼ੀਸ 3,000 ਡਾਲਰ ਹੈ, ਜਿਸ ਵਿੱਚ ਹੈਂਡਰਸਨ ਅਤੇ ਉੱਤਰੀ ਲਾਸ ਵੇਗਾਸ ਹਵਾਈ ਅੱਡਿਆਂ 'ਤੇ ਵੱਡੇ ਪ੍ਰਾਈਵੇਟ ਜੈੱਟ ਸ਼ਾਮਲ ਹਨ, ਜੋ ਦੋਵੇਂ ਕਲਾਰਕ ਕਾਉਂਟੀ ਦੁਆਰਾ ਮਲਕੀਅਤ ਅਤੇ ਸੰਚਾਲਿਤ ਹਨ। ਹਵਾਈ ਅੱਡੇ ਦਾ ਕਹਿਣਾ ਹੈ ਕਿ ਛੋਟੇ ਜਹਾਜ਼ਾਂ, ਗਰੁੱਪ ਵਨ ਏਅਰਕ੍ਰਾਫਟ ਲਈ 750 ਡਾਲਰ ਦਾ ਖਰਚਾ ਲਿਆ ਜਾਵੇਗਾ।


















# ਕੈਬਨਿਟ ਵੱਲੋਂ 16ਵੀਂ ਪੰਜਾਬ ਵਿਧਾਨ ਸਭਾ ਦਾ ਪੰਜਵਾਂ ਸੈਸ਼ਨ 28 ਤੇ 29 ਨਵੰਬਰ ਨੂੰ ਸੱਦਣ ਦੀ ਪ੍ਰਵਾਨਗੀ



ਚੰਡੀਗੜ੍ਹ, 20 ਨਵੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ 16ਵੀਂ ਪੰਜਾਬ ਵਿਧਾਨ ਸਭਾ ਦਾ ਪੰਜਵਾਂ ਸੈਸ਼ਨ 28 ਤੇ 29 ਨਵੰਬਰ ਨੂੰ ਸੱਦਣ ਦੀ ਪ੍ਰਵਾਨਗੀ ਦੇ ਦਿੱਤੀ।

ਇਸ ਸਬੰਧੀ ਫੈਸਲਾ ਇੱਥੇ ਪੰਜਾਬ ਸਿਵਲ ਸਕੱਤਰੇਤ-1 ਵਿਖੇ ਮੁੱਖ ਮੰਤਰੀ ਦੀ ਅਗਵਾਈ ਹੇਠ ਉਨ੍ਹਾਂ ਦੇ ਦਫ਼ਤਰ ਵਿੱਚ ਸੋਮਵਾਰ ਨੂੰ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ।

ਸੈਸ਼ਨ ਦੀ ਸ਼ੁਰੂਆਤ 28 ਨਵੰਬਰ ਨੂੰ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਦੇਣ ਨਾਲ ਹੋਵੇਗੀ ਅਤੇ ਇਸ ਦੋ ਦਿਨਾ ਸੈਸ਼ਨ ਦੇ ਕੰਮਕਾਜ ਦਾ ਫੈਸਲਾ ਬਿਜ਼ਨਸ ਐਡਵਾਈਜ਼ਰੀ ਕਮੇਟੀ ਵੱਲੋਂ ਜਲਦੀ ਕੀਤਾ ਜਾਵੇਗਾ।

### * ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਵਿੱਚ ਨੌਂ ਅਸਾਮੀਆਂ ਦੀ ਰਚਨਾ ਕਰਨ ਤੇ ਭਰਨ ਦੀ ਪ੍ਰਵਾਨਗੀ

ਕੈਬਨਿਟ ਨੇ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ, ਪਟਿਆਲਾ ਵਿੱਚ ਸਿੱਧੀ ਭਰਤੀ ਰਾਹੀਂ ਤਕਨੀਕੀ ਕਾਡਰ ਦੀਆਂ ਨੌਂ ਆਸਾਮੀਆਂ ਦੀ ਰਚਨਾ ਕਰਨ ਅਤੇ ਭਰਨ ਦੀ ਵੀ ਪ੍ਰਵਾਨਗੀ ਦੇ ਦਿੱਤੀ। ਇਨ੍ਹਾਂ ਆਸਾਮੀਆਂ ਵਿੱਚ ਇਕ ਆਸਾਮੀ ਸਹਾਇਕ ਮੈਨੇਜਰ, ਪ੍ਰੋਗਰਾਮਰ ਦੀਆਂ ਦੋ ਆਸਾਮੀਆਂ, ਦੋ ਆਸਾਮੀਆਂ ਤਕਨੀਕੀ ਸਹਾਇਕ ਦੀਆਂ ਅਤੇ ਕਲਰਕ-ਕਮ-ਡੇਟਾ ਐਂਟਰੀ ਅਪਰੇਟਰ ਦੀਆਂ ਹੋਣਗੀਆਂ। ਇਸ ਯੂਨੀਵਰਸਿਟੀ ਦੀ ਸਥਾਪਨਾ ਖੇਡਾਂ ਦੇ ਖ਼ੇਤਰ ਦੇ ਕੋਰਸਾਂ, ਸਿੱਖਿਆ ਤੇ ਸਿਖਲਾਈ ਰਾਹੀਂ ਸੂਬੇ ਵਿੱਚ ਖੇਡਾਂ ਦਾ ਪੱਧਰ ਉੱਚਾ ਚੁੱਕਣ ਦੇ ਮਕਸਦ ਨਾਲ ਹੋਈ ਸੀ ਅਤੇ ਇਨ੍ਹਾਂ ਆਸਾਮੀਆਂ ਨਾਲ ਯੂਨੀਵਰਸਿਟੀ ਦਾ ਕੰਮਕਾਜ ਸੁਚਾਰੂ ਤਰੀਕੇ ਨਾਲ ਚਲਾਉਣ ਤੇ ਵਿਦਿਆਰਥੀਆਂ ਨੂੰ ਰੋਜ਼ਾਨਾ ਦੇ ਕੰਮਕਾਜ ਵਿੱਚ ਸਹੂਲਤ ਹੋਵੇਗੀ।

### * ਪੰਜਾਬ ਕੈਨਾਲ ਤੇ ਡਰੇਨੇਜ਼ ਬਿੱਲ, 2023 ਉਤੇ ਲੱਗੀ ਮੋਹਰ

ਕੈਬਨਿਟ ਨੇ ਪੰਜਾਬ ਰਾਜ ਵਿੱਚ ਨਹਿਰਾਂ ਤੇ ਡਰੇਨੇਜ਼ ਦੇ ਕੰਟਰੋਲ ਤੇ ਪ੍ਰਬੰਧਨ ਲਈ ਪੰਜਾਬ ਕੈਨਾਲ ਤੇ ਡਰੇਨੇਜ਼ ਬਿੱਲ, 2023 ਨੂੰ ਵੀ ਮਨਜ਼ੂਰੀ ਦੇ ਦਿੱਤੀ। ਇਸ ਦਾ ਮੁੱਖ ਮੰਤਵ ਕਿਸਾਨਾਂ ਤੇ ਜ਼ਮੀਨ ਮਾਲਕਾਂ ਨੂੰ ਬਿਨਾਂ ਕਿਸੇ ਅੜਿੱਕੇ ਦੇ ਸਿੰਜਾਈ ਦੇ ਮੰਤਵ ਲਈ ਨਹਿਰੀ ਪਾਣੀ ਦੇਣ ਵਾਸਤੇ ਨਹਿਰਾਂ, ਡਰੇਨਾਂ ਤੇ ਕੁਦਰਤੀ ਜਲ ਸਰੋਤਾਂ ਦੀ ਸਾਂਭ-ਸੰਭਾਲ, ਮੁਰੰਮਤ ਅਤੇ ਸਮੇਂ ਸਿਰ ਸਫ਼ਾਈ ਯਕੀਨੀ ਬਣਾਉਣਾ ਹੈ। ਇਸ ਤੋਂ ਇਲਾਵਾ ਇਹ ਬਿੱਲ ਪਾਣੀ ਦੀ ਵਰਤੋਂ ਕਰਨ ਵਾਲਿਆਂ ਅਤੇ ਪਾਣੀ ਦੀ ਬੇਲੋੜੀ ਬਰਬਾਦੀ ਵਿਰੁੱਧ ਹੋਰ ਨਿਯਮਤ ਪਾਬੰਦੀਆਂ ਦੀਆਂ ਸ਼ਿਕਾਇਤਾਂ ਦੇ ਨਿਬੇੜੇ ਲਈ ਨਿਰਪੱਖ ਤੇ ਪਾਰਦਰਸ਼ੀ ਢਾਂਚਾ ਕਾਇਮ ਕਰਨਾ ਯਕੀਨੀ ਬਣਾਏਗਾ।

### * ਪੀ.ਐਸ.ਐਸ.ਡਬਲਯੂ.ਬੀ. ਨੂੰ ਬੰਦ ਕਰਨ ਅਤੇ ਇਸ ਦੇ ਮੁਲਾਜ਼ਮਾਂ ਦੇ ਰਲੇਵੇਂ ਨੂੰ ਹਰੀ ਝੰਡੀ

ਪੰਜਾਬ ਕੈਬਨਿਟ ਨੇ ਪੰਜਾਬ ਰਾਜ ਸਮਾਜ ਭਲਾਈ ਬੋਰਡ (ਪੀ.ਐਸ.ਐਸ.ਡਬਲਯੂ.ਬੀ.) ਨੂੰ ਬੰਦ ਕਰਨ ਅਤੇ ਇਸ ਦੇ ਹੈੱਡਕੁਆਰਟਰ ਉਤੇ ਤਾਇਨਾਤ ਮੁਲਾਜ਼ਮਾਂ, ਪੈਨਸ਼ਨਰਾਂ ਤੇ ਪੰਜ ਆਈ.ਸੀ.ਡੀ.ਐਸ. ਬਲਾਕਾਂ ਸਮੇਤ ਸਟਾਫ਼ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿੱਚ ਰਲੇਵੇਂ ਨੂੰ ਵੀ ਮਨਜ਼ੂਰੀ ਦੇ ਦਿੱਤੀ।

### * ਕੈਦੀਆਂ ਦੀ ਅਗਾਊਂ ਰਿਹਾਈ ਦੇ ਕੇਸ ਭੇਜਣ ਤੇ ਰੱਦ ਕਰਨ ਦੀ ਪ੍ਰਵਾਨਗੀ

ਮੰਤਰੀ ਮੰਡਲ ਨੇ ਸੂਬੇ ਦੀ ਜੇਲ੍ਹ ਵਿੱਚ ਨਜ਼ਰਬੰਦ ਇਕ ਕੈਦੀ ਦੀ ਉਮਰ ਕੈਦ ਵਿੱਚ ਛੋਟ ਦਾ ਕੇਸ ਭੇਜਣ ਦੀ ਪ੍ਰਵਾਨਗੀ ਦੇ ਦਿੱਤੀ, ਜਦੋਂ ਕਿ ਚਾਰ ਹੋਰ ਅਜਿਹੇ ਕੇਸ ਰੱਦ ਕਰ ਦਿੱਤੇ ਗਏ। ਭਾਰਤੀ ਸੰਵਿਧਾਨ ਦੀ ਧਾਰਾ 163 ਤਹਿਤ ਕੈਬਨਿਟ ਦੀ ਪ੍ਰਵਾਨਗੀ ਤੋਂ ਬਾਅਦ ਇਹ ਵਿਸ਼ੇਸ਼ ਛੋਟ/ਅਗਾਊਂ ਰਿਹਾਈ ਦੇ ਕੇਸ ਭਾਰਤੀ ਸੰਵਿਧਾਨ ਦੀ ਧਾਰਾ 161 ਅਧੀਨ ਵਿਚਾਰ ਲਈ ਪੰਜਾਬ ਦੇ ਰਾਜਪਾਲ ਨੂੰ ਭੇਜੇ ਜਾਣਗੇ।

### * ਸੈਰ-ਸਪਾਟਾ, ਸੱਭਿਆਚਾਰਕ ਮਾਮਲੇ, ਪੁਰਾਤਤਵ ਤੇ ਅਜਾਇਬਘਰ ਵਿਭਾਗ ਦੀ ਪ੍ਰਬੰਧਕੀ ਰਿਪੋਰਟ ਨੂੰ ਮਨਜ਼ੂਰੀ

ਪੰਜਾਬ ਕੈਬਨਿਟ ਨੇ ਸੈਰ-ਸਪਾਟਾ, ਸੱਭਿਆਚਾਰਕ ਮਾਮਲੇ, ਪੁਰਾਤਤਵ ਤੇ ਅਜਾਇਬਘਰ ਵਿਭਾਗ, ਪੰਜਾਬ ਦੀ ਸਾਲ 2021-2022 ਦੀ ਸਾਲਾਨਾ ਪ੍ਰਬੰਧਕੀ ਰਿਪੋਰਟ ਨੂੰ ਵੀ ਮਨਜ਼ੂਰੀ ਦੇ ਦਿੱਤੀ।

# ਵਿੱਤੀ ਸਾਲ 2023-24 ਵਿੱਚ ਲੋਕ ਨਿਰਮਾਣ ਵਿਭਾਗ 2280 ਕਰੋੜ ਰੁਪਏ ਦੇ 206 ਜਨਤਕ ਇਮਾਰਤੀ ਪ੍ਰੋਜੈਕਟਾਂ 'ਤੇ ਕੰਮ ਕਰ ਰਿਹੈ : ਹਰਭਜਨ ਸਿੰਘ ਈ.ਟੀ.ਓ.

**-ਇਨ੍ਹਾਂ ਵਿੱਚੋਂ 53 ਪ੍ਰਾਜੈਕਟ ਅਕਤੂਬਰ ਦੇ ਅੰਤ ਤੱਕ ਹੋਏ ਮੁਕੰਮਲ**
**-ਡਿਪਾਜ਼ਿਟ ਅਤੇ ਜੁਡੀਸ਼ੀਅਲ ਪ੍ਰੋਜੈਕਟਾਂ ਦੀ ਉਸਾਰੀ 'ਤੇ ਵੀ 150 ਕਰੋੜ ਰੁਪਏ ਖਰਚ ਕਰਨ ਦਾ ਟੀਚਾ**



ਚੰਡੀਗੜ੍ਹ, 20 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਅੱਜ ਇਥੇ ਦੱਸਿਆ ਕਿ ਲੋਕ ਨਿਰਮਾਣ ਵਿਭਾਗ (ਪੀ.ਡਬਲਯੂ.ਡੀ) ਚਾਲੂ ਵਿੱਤੀ ਸਾਲ ਦੌਰਾਨ 2280 ਕਰੋੜ ਰੁਪਏ ਦੇ 206 ਸਰਕਾਰੀ ਇਮਾਰਤੀ ਪ੍ਰੋਜੈਕਟਾਂ 'ਤੇ ਕੰਮ ਕਰ ਰਿਹਾ ਹੈ ਅਤੇ ਇਨ੍ਹਾਂ ਵਿੱਚੋਂ 53 ਪ੍ਰੋਜੈਕਟ ਅਕਤੂਬਰ 2023 ਤੱਕ ਮੁਕੰਮਲ ਹੋ ਚੁੱਕੇ ਹਨ।

ਇਨ੍ਹਾਂ ਪ੍ਰੋਜੈਕਟਾਂ ਦਾ ਵੇਰਵਾ ਦਿੰਦਿਆਂ ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਇਨ੍ਹਾਂ 206 ਪ੍ਰੋਜੈਕਟਾਂ ਵਿੱਚ ਨਿਆਂਪਾਲਿਕਾ, ਆਈ.ਕੇ.ਜੀ.ਪੀ.ਟੀ.ਯੂ., ਉਚੇਰੀ ਸਿੱਖਿਆ, ਸਕੂਲ ਸਿੱਖਿਆ, ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਮੈਡੀਕਲ ਸਿੱਖਿਆ ਅਤੇ ਖੋਜ, ਮਾਲ, ਖੇਡਾਂ, ਟਰਾਂਸਪੋਰਟ ਅਤੇ ਸ਼ਹਿਰੀ ਹਵਾਬਾਜੀ ਆਦਿ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਸਰਕਾਰੀ ਇਮਾਰਤਾਂ ਦੀ ਉਸਾਰੀ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2023-2024 ਦੌਰਾਨ ਡਿਪਾਜ਼ਟਿ ਅਤੇ ਨਿਆਂਇਕ ਕੰਮਾਂ 'ਤੇ 150 ਕਰੋੜ ਰੁਪਏ ਖਰਚੇ ਜਾਣ ਦਾ ਟੀਚਾ ਹੈ ਅਤੇ ਹੁਣ ਤੱਕ ਇਨ੍ਹਾਂ ਕੰਮਾਂ 'ਤੇ 43.60 ਕਰੋੜ ਰੁਪਏ ਖਰਚ ਹੋ ਚੁੱਕੇ ਹਨ।

ਹੋਰ ਖੁਲਾਸਾ ਕਰਦਿਆਂ, ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਲੋਕ ਨਿਰਮਾਣ ਵਿਭਾਗ ਨੇ ਵਿੱਤੀ ਸਾਲ 2022-23 ਵਿੱਚ ਵੱਖ-ਵੱਖ ਵਿਭਾਗਾਂ ਦੀਆਂ ਸਰਕਾਰੀ ਇਮਾਰਤਾਂ ਦੀ ਉਸਾਰੀ ਲਈ 2700 ਕਰੋੜ ਰੁਪਏ ਦੀ ਲਾਗਤ ਦੇ ਕੁੱਲ 196 ਪ੍ਰੋਜੈਕਟ ਸ਼ੁਰੂ ਕੀਤੇ, ਜਿੰਨ੍ਹਾਂ ਵਿੱਚੋਂ 45 ਪ੍ਰੋਜੈਕਟ ਮਾਰਚ 2023 ਤੱਕ ਮੁਕੰਮਲ ਕੀਤੇ ਗਏ, ਬਾਕੀ ਰਹਿੰਦੇ ਪ੍ਰੋਜੈਕਟ ਪ੍ਰਗਤੀ ਅਧੀਨ ਹਨ । ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਵਿਭਾਗ ਵੱਲੋਂ ਵਿੱਤੀ ਸਾਲ 2022-23 ਵਿੱਚ 255 ਪ੍ਰਾਇਮਰੀ ਹੈਲਥ ਸੈਂਟਰਾਂ ਨੂੰ ਆਮ ਆਦਮੀ ਕਲੀਨਿਕਾਂ ਵਿੱਚ ਅੱਪਗ੍ਰੇਡ ਕੀਤਾ ਗਿਆ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਸਕੂਲੀ ਸਿੱਖਿਆ ਵਿੱਚ ਸੁਧਾਰ ਦੇ ਦ੍ਰਿੜ ਨਿਸ਼ਚੇ ਨੂੰ ਸਾਕਾਰ ਕਰਨ ਲਈ ਫ਼ੇਜ਼-1 ਅਧੀਨ ਵਿਭਾਗ ਦੇ ਮਿਥੇ ਗਏ 17 ਸਕੂਲਾਂ ਦੇ ਟੀਚੇ ਵਿੱਚੋਂ 15 ਸਕੂਲਾਂ ਦਾ ਕੰਮ ਸਮਾਪਤੀ 'ਤੇ ਹੈ, ਅਤੇ ਫ਼ੇਜ਼-3 ਅਧੀਨ 25 ਸਕੂਲਾਂ ਦਾ ਕੰਮ ਹੱਥ ਵਿੱਚ ਲਿਆ ਗਿਆ ਹੈ।

ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਵਿਭਾਗ ਵੱਲੋਂ ਸਾਰੇ ਵਿਕਾਸ ਕਾਰਜਾਂ ਦੀ ਵੰਡ ਸਮੇਂ ਨਿਰਪੱਖ ਅਤੇ ਪਾਰਦਰਸ਼ੀ ਬੋਲੀ ਦੀ ਪ੍ਰਣਾਲੀ ਅਪਣਾਈ ਜਾ ਰਹੀ ਹੈ ਅਤੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਸਾਰੇ ਪ੍ਰੋਜੈਕਟਾਂ ਨੂੰ ਸਮਾਂਬੱਧ ਤਰੀਕੇ ਨਾਲ ਮਿਆਰ ਸਬੰਧੀ ਨਿਯਮਾਂ ਦੀ ਪਾਲਣਾ ਕਰਦਿਆਂ ਵੱਧ ਤੋਂ ਵੱਧ ਕਿਫਾਇਤੀ ਖਰਚੇ 'ਤੇ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ।

ਸੂਬੇ ਨੂੰ ਵਿਕਾਸ ਅਤੇ ਖੁਸ਼ਹਾਲੀ ਦੀਆਂ ਉੱਚੀਆਂ ਲੀਹਾਂ 'ਤੇ ਲਿਆਉਣ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਵਿਭਾਗ ਵੱਲੋਂ ਸੂਬੇ ਵਿੱਚ ਮਿਆਰੀ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਅਣਥੱਕ ਯਤਨ ਕੀਤੇ ਜਾ ਰਹੇ ਹਨ।

# ਸੁਖਦੇਵ ਸਿੰਘ ਢੀਂਡਸਾ ਵਲੋ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਸ਼ਰਾਬ ਤੇ ਮੀਟ ਦੀ ਵਰਤੋਂ ਨਾਲ ਜੁੜੀ ਬੇਅਦਬੀ ਦੀ ਵਾਪਰੀ ਘਟਨਾ ਦੀ ਸਖਤ ਨਿੰਦਾ

**ਪਾਕਿਸਤਾਨ ਸਰਕਾਰ ਜ਼ਿੰਮੇਵਾਰ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕਰੇ: ਢੀਂਡਸਾ**

ਚੰਡੀਗੜ੍ਹ, 20 ਨਵੰਬਰ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਪ੍ਰਧਾਨ ਅਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਨੇ ਪਾਕਿਸਤਾਨ ਦੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਪਵਿੱਤਰ ਅਸਥਾਨ ਦੇ ਅੰਦਰ ਸ਼ਰਾਬ ਅਤੇ ਮੀਟ ਦੀ ਵਰਤੋਂ ਨਾਲ ਜੁੜੀ ਬੇਅਦਬੀ ਦੀ ਵਾਪਰੀ ਘਟਨਾ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਪਾਕਿਸਤਾਨ ਸਰਕਾਰ ਨੂੰ ਜ਼ੁੰਮੇਵਾਰ ਲੋਕਾਂ ਖਿਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਢੀਂਡਸਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪਵਿੱਤਰ ਸਥਾਨ ਸ੍ਰੀ ਕਰਤਾਰਪੁਰ ਸਾਹਿਬ ਸਾਰੀ ਦੁਨੀਆ ਖਾਸਕਰ ਸਿੱਖ ਜਗਤ ਲਈ ਆਸਥਾ ਦਾ ਪ੍ਰਤੀਕ ਹੈ। ਅਜਿਹੇ ਪਵਿੱਤਰ ਅਸਥਾਨ ਤੇ ਬੇਅਦਬੀ ਦੀ ਵਾਪਰੀ ਇਹ ਘਟਨਾ ਬੇਹੱਦ ਮੰਦਭਾਗੀ ਹੈ। ਸ.ਢੀਂਡਸਾ ਨੇ ਅੱਗੇ ਕਿਹਾ ਕਿ ਉਨ੍ਹਾਂ ਦੀ

ਜਾਣਕਾਰੀ ਮੁਤਾਬਕ 18 ਨਵੰਬਰ ਦੀ ਰਾਤ ਨੂੰ ਇਹ ਪਾਰਟੀ ਇਤਿਹਾਸਕ ਗੁਰਦੁਆਰਾ ਸਾਹਿਬ ਦੇ ਦਰਸ਼ਨ ਦੀਦਾਰ ਤੋਂ ਵੀਹ ਫੁੱਟ ਦੀ ਦੂਰੀ 'ਤੇ ਆਯੋਜਿਤ ਕੀਤੀ ਗਈ ਸੀ। ਜਿਸ ਵਿਚ ਪਕਿਸਤਾਨ ਸਰਕਾਰ ਦੇ ਉੱਚ ਅਧਿਕਾਰੀਆਂ ਸਮੇਤ ਵੱਖ-ਵੱਖ ਭਾਈਚਾਰਿਆਂ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ। ਇਸ ਪਾਰਟੀ ਵਿੱਚ ਸ਼ਰਾਬ ਅਤੇ ਮੀਟ ਦਾ ਸੇਵਨ ਕੀਤਾ ਗਿਆ। ਜਿਸ ਦਾ ਸਿੱਖ ਭਾਈਚਾਰੇ 'ਚ ਗੁੱਸਾ ਹੈ ਅਤੇ ਇਸ ਦਾ ਵਿਰੋਧ ਵੀ ਦਰਜ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖ ਮਰਿਆਦਾ ਨਾਲ ਕਿਸੇ ਨੂੰ ਖਿਲਵਾੜ ਨਹੀਂ ਕਰਨ ਦਿੱਤਾ ਜਾਵੇਗਾ। ਜਿੰਮੇਵਾਰ ਲੋਕਾਂ ਨੂੰ ਸਿੱਖ ਪੰਥ ਤੋਂ ਤੁਰੰਤ ਮਾਫ਼ੀ ਮੰਗਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।

# ਮਾਸਟਕ ਸ਼ੈੱਫ ਦੇ ਫਾਈਨਲਿਸਟ ਨੂੰ ਬੱਚਿਆਂ ਦੇ ਜਿਨਸੀ ਸ਼ੋਸ਼ਣ ਦੇ ਦੋਸ਼ ਵਿਚ 24 ਸਾਲ ਦੀ ਸਜ਼ਾ



ਕੈਨਬਰਾ, 20 ਨਵੰਬਰ (ਪੋਸਟ ਬਿਊਰੋ): ਮਸ਼ਹੂਰ ਕੁਕਿੰਗ ਸ਼ੋਅ ਮਾਸਟਰ ਸ਼ੈੱਫ ਆਸਟ੍ਰੇਲੀਆ ਦੇ ਪ੍ਰਤੀਯੋਗੀ ਪਾਲ ਡਗਲਸ ਨੂੰ ਬੱਚਿਆਂ ਦੇ ਜਿਨਸੀ ਸ਼ੋਸ਼ਣ ਦਾ ਦੋਸ਼ੀ ਪਾਇਆ ਗਿਆ ਹੈ। ਅਦਾਲਤ ਨੇ ਪਾਲ ਡਗਲਸ ਨੂੰ 24 ਸਾਲ ਦੀ ਸਜ਼ਾ ਸੁਣਾਈ ਹੈ। ਪੌਲ 'ਤੇ 10 ਸਾਲਾਂ ਤੋਂ ਵੱਧ ਸਮੇਂ ਦੌਰਾਨ 43 ਵਾਰ 11 ਬੱਚਿਆਂ ਦਾ ਜਿਨਸੀ ਸ਼ੋਸ਼ਣ ਕਰਨ ਦਾ ਦੋਸ਼ ਹੈ। ਸਿਡਨੀ ਡਾਊਨਿੰਗ ਸੈਂਟਰ ਦੀ ਜ਼ਿਲ੍ਹਾ ਜੱਜ ਸਾਰਾਹ ਹਿਊਗੇਟ ਨੇ ਵੀਰਵਾਰ ਨੂੰ ਪੌਲ ਨੂੰ ਸਜ਼ਾ ਸੁਣਾਈ।

ਪਾਲ ਨੂੰ ਸਾਲ 2019 ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਸਦੀ ਗ੍ਰਿਫ਼ਤਾਰੀ ਤੋਂ ਬਾਅਦ 4 ਸਾਲ ਤੱਕ ਮੁਕੱਦਮਾ ਚੱਲਦਾ ਰਿਹਾ। ਪੌਲ 'ਤੇ ਇਹ ਦੋਸ਼ ਹੈ ਕਿ ਸਿਡਨੀ ਸਾਊਥਵੈਸਟ 'ਚ ਤੈਰਾਕੀ ਕੋਚ ਰਹਿੰਦੇ ਹੋਏ ਉਸ ਨੇ ਇਹ ਅਪਰਾਧ ਕੀਤੇ। ਜਾਂਚ 'ਚ ਸਾਹਮਣੇ ਆਇਆ ਕਿ ਪਾਲ ਨੇ 1996 ਤੋਂ 2009 ਤੱਕ ਬੱਚਿਆਂ ਦਾ ਜਿਨਸੀ ਸ਼ੋਸ਼ਣ ਕੀਤਾ। ਜੱਜ ਨੇ ਸਜ਼ਾ ਸੁਣਾਉਂਦੇ ਹੋਏ ਕਿਹਾ ਕਿ ਦੋਸ਼ੀ ਨੇ ਤੈਰਾਕੀ ਕੋਚ ਹੁੰਦਿਆਂ ਬੱਚਿਆਂ 'ਚ ਅਜਿਹਾ ਮਾਹੌਲ ਪੈਦਾ ਕੀਤਾ, ਜਿਸ 'ਚ ਉਹ ਖੁੱਲ੍ਹ ਕੇ ਜਿਨਸੀ ਸ਼ੋਸ਼ਣ ਬਾਰੇ ਗੱਲ ਕਰਦਾ ਸੀ ਅਤੇ ਬੱਚਿਆਂ ਨਾਲ ਮਜ਼ਾਕ ਕਰਦਾ ਸੀ। ਇਸ ਤੋਂ ਇਲਾਵਾ ਉਸ ਨੇ ਬੱਚਿਆਂ ਦੇ ਮਾਪਿਆਂ ਨੂੰ ਵੀ ਆਪਣੀ ਗੱਲ ਨਾਲ ਇਸ ਤਰ੍ਹਾਂ ਫਸਾਇਆ ਕਿ ਉਸ ਦਾ ਜੁਰਮ 10 ਸਾਲ ਤੋਂ ਵੱਧ ਸਮੇਂ ਤੱਕ ਲੁਕਿਆ ਰਿਹਾ। ਪਾਲ 'ਤੇ 10 ਸਾਲ ਤੱਕ ਦੇ ਬੱਚਿਆਂ ਦਾ ਜਿਨਸੀ ਸ਼ੋਸ਼ਣ ਕਰਨ ਦਾ ਦੋਸ਼ ਹੈ।

# ਪੁਲਿਸ ਅਧਿਕਾਰੀ ਉੱਤੇ ਹਮਲਾ ਕਰਨ ਵਾਲੀਆਂ 3 ਟੀਨੇਜਰ ਕੁੜੀਆਂ ਨੂੰ ਕੀਤਾ ਗਿਆ ਚਾਰਜ

ਪੰਨਾ 1 ਦਾ ਬਾਕੀ

ਅਧਿਕਾਰੀਆਂ ਨੇ ਦੱਸਿਆ ਕਿ ਸਕੂਲ ਦੇ ਕੈਫੇਟੇਰੀਆ ਵਿੱਚ ਲੜਾਈ ਸ਼ੁਰੂ ਹੋਈ। ਪੁਲਿਸ ਅਧਿਕਾਰੀ ਵੱਲੋਂ ਖੁਦ ਨੂੰ ਪੀਲ ਰੀਜਨਲ ਪੁਲਿਸ ਦੀ ਮੈਂਬਰ ਦੱਸ ਕੇ ਲੜਾਈ ਰੋਕਣ ਦੀ ਕੋਸ਼ਿਸ਼ ਕਰਨ ਉੱਤੇ ਕਈ ਵਿਦਿਆਰਥਣਾਂ ਨੇ ਉਸ ਉੱਤੇ ਹੀ ਹਮਲਾ ਬੋਲ ਦਿੱਤਾ। ਤਿੰਨ ਵਿਦਿਆਰਥਣਾਂ ਦੀ ਪਛਾਣ ਕਰਨ ਤੋਂ ਬਾਅਦ ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਕਿਸੇ ਹੋਰ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

ਬਰੈਂਪਟਨ ਦੀਆਂ ਦੋ 15 ਸਾਲਾ ਲੜਕੀਆਂ ਨੂੰ ਪੀਸ ਆਫੀਸਰ ਨੂੰ ਸ਼ਰੀਰਕ ਨੁਕਸਾਨ ਪਹੁੰਚਾਉਣ ਲਈ ਚਾਰਜ ਕੀਤਾ ਗਿਆ ਹੈ। ਉਨ੍ਹਾਂ ਨੂੰ ਬਾਅਦ ਵਿੱਚ ਅਦਾਲਤ ਸਾਹਮਣੇ ਪੇਸ਼ ਕੀਤਾ ਜਾਵੇਗਾ। ਬਰੈਂਪਟਨ ਦੀ ਹੀ ਇੱਕ 17 ਸਾਲਾ ਲੜਕੀ ਨੂੰ ਪੀਸ ਆਫੀਸਰ ਉੱਤੇ ਹਮਲਾ ਕਰਕੇ ਉਸ ਨੂੰ ਸ਼ਰੀਰਕ ਨੁਕਸਾਨ ਪਹੁੰਚਾਉਣ ਤੇ ਪੁਲਿਸ ਦੇ ਕੰਮ ਵਿੱਚ ਖਲਲ ਪਾਉਣ ਲਈ ਚਾਰਜ ਕੀਤਾ ਗਿਆ ਹੈ। ਉਸ ਨੂੰ ਵੀ ਅਜੇ ਅਦਾਲਤ ਸਾਹਮਣੇ ਪੇਸ਼ ਕੀਤਾ ਜਾਵੇਗਾ।


Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3



"For all your real estate needs"
Anabela Serra
Sales Representative
416-400-5825
anabelserra75@gmail.com



$1,149,000



98 JOHN ST E
Bradford West Gwillimbury, Ontario L3Z1G4
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us





CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਜ਼ਬਤ ਮਠਿਆਈ ਨੂੰ ਨਿਯਮਾਂ ਮੁਤਾਬਿਕ ਨਸ਼ਟ ਕੀਤਾ ਗਿਆ : ਜ਼ਿਲ੍ਹਾ ਸਿਹਤ ਅਫ਼ਸਰ



ਮੋਗਾ, 20 ਨਵੰਬਰ (ਗਿਆਨ ਸਿੰਘ): ਸਿਹਤ ਵਿਭਾਗ ਮੋਗਾ ਵੱਲੋਂ ਬੀਤੇ ਦਿਨੀਂ ਸਥਾਨਕ ਮਸ਼ਹੂਰ ਲਕਸ਼ਮੀ ਪਤੀਸਾ ਫੈਕਟਰੀ ਤੋਂ ਲਏ ਚਾਰ ਸੈਂਪਲਾਂ ਵਿੱਚੋਂ ਤਿੰਨ ਫੇਲ ਹੋਏ ਸਨ। ਜਦਕਿ ਇਕ ਸੈਂਪਲ ਪਾਸ ਹੋ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿਹਤ ਅਫਸਰ ਡਾ ਸਤਿੰਦਰ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਉਕਤ ਪਤੀਸਾ ਫੈਕਟਰੀ ਤੋਂ ਖੋਇਆ ਬਰਫੀ, ਮਿਲਕ ਕੇਕ ਅਤੇ ਪਤੀਸਾ ਦੇ ਚਾਰ ਸੈਂਪਲ ਲਏ ਸਨ। ਜਿੰਨਾ ਵਿੱਚੋਂ ਖੋਇਆ ਬਰਫੀ, ਮਿਲਕ ਕੇਕ ਦੇ ਤਿੰਨ ਸੈਂਪਲ ਫੇਲ ਹੋਏ ਹਨ ਜਦਕਿ ਪਤੀਸੇ ਦਾ ਸੈਂਪਲ ਪਾਸ ਹੋ ਗਿਆ ਸੀ। ਉਹਨਾਂ ਕਿਹਾ ਕਿ ਜੋ ਮਟੀਰੀਆਲ ਸੀਜ਼ ਕੀਤਾ ਗਿਆ ਸੀ ਉਸਨੂੰ ਨਿਯਮਾਂ ਤਹਿਤ ਅੱਜ ਮਿਤੀ 20 ਨਵੰਬਰ 2023 ਨੂੰ ਨਸ਼ਟ ਕਰ ਦਿੱਤਾ ਹੈ।

ਜਿਕਰਯੋਗ ਹੈ ਕਿ ਡਾ ਸਤਿੰਦਰ ਕੌਰ ਜ਼ਲ੍ਹਿਾ ਸਿਹਤ ਅਫਸਰ ਦੀ ਅਗਵਾਈ ਹੇਠ ਕਮੇਟੀ ਬਣਾ ਕੇ ਜ਼ੀਰਾ ਰੋਡ ਤੇ ਬਣੇ ਕੂੜਾ ਕਰਕਟ ਵਾਲ਼ੇ ਡੰਪ ਤੇ ਜ਼ਬਤ ਸਮਾਨ ਨੂੰ ਮੌਕਾ ਤੇ ਟੋਆ ਪੁੱਟ ਕੇ ਪੂਰੀ ਕਮੇਟੀ ਮੈਂਬਰਾਂ ਦੀ ਨਿਗਰਾਨੀ ਹੇਠ ਸਮਾਨ ਨੂੰ ਨਸ਼ਟ ਕਰ ਦਿਤਾ ਗਿਆ।ਇਸ ਮੌਕੇ ਤੇ ਜਿਲਾ ਸਿਹਤ ਅਫਸਰ ਡਾ. ਸਤਿੰਦਰ ਕੌਰ, ਫੂਡ ਸੇਫਟੀ ਅਫਸਰ ਯੋਗੇਸ਼ ਗੋਇਲ ਅਤੇ ਜ਼ਲ੍ਹਿਾ ਫੂਡ ਸੇਫਟੀ ਕਮੇਟੀ ਮੈਂਬਰ ਵੀ ਹਾਜ਼ਿਰ ਸਨ।










ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

ਨਾਈ ਸਿੱਖ ਲੜਕਾ, 1988, ਕੱਦ 5 ਫੁਟ, 6 ਇੰਚ, ਕੈਨੇਡਾ ਪੀ.ਆਰ., ਆਪਣਾ ਕੰਮ, ਵੈਸਨੂੰ ਪਰਿਵਾਰ, ਸੁੰਦਰ ਅਤੇ ਕੈਨੇਡਾ ਪੀ.ਆਰ. ਲੜਕੀ ਦੀ ਲੋੜ। ਸੰਪਰਕ: 9041527924

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਕਲੀਨਿਕਾਂ ਨੂੰ ਮਿਲੀ ਆਲਮੀ ਮਾਨਤਾ

## –ਨੈਰੋਬੀ ਵਿੱਚ ਗਲੋਬਲ ਹੈਲਥ ਸਪਲਾਈ ਚੇਨ ਸੰਮੇਲਨ ਵਿੱਚ ਪੰਜਾਬ ਨੂੰ ਪਹਿਲਾ ਇਨਾਮ



ਚੰਡੀਗੜ੍ਹ, 20 ਨਵੰਬਰ (ਗਿਆਨ ਸਿੰਘ): ਪੰਜਾਬ ਵਿੱਚ ਮੁੱਢਲੇ ਸਿਹਤ ਸੰਭਾਲ ਢਾਂਚੇ ਦੀ ਕਾਇਆ-ਕਲਪ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਉਦੋਂ ਆਲਮੀ ਪੱਧਰ ਉਤੇ ਮਾਨਤਾ ਮਿਲੀ, ਜਦੋਂ ਸੂਬੇ ਦੇ ਆਮ ਆਦਮੀ ਕਲੀਨਿਕਾਂ ਨੇ ਨੈਰੋਬੀ ਵਿੱਚ 14 ਤੋਂ 16 ਨਵੰਬਰ ਤੱਕ ਹੋਏ ਗਲੋਬਲ ਹੈਲਥ ਸਪਲਾਈ ਚੇਨ ਸੰਮੇਲਨ ਵਿੱਚ ਪਹਿਲਾ ਇਨਾਮ ਹਾਸਲ ਕੀਤਾ।

ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਨੂੰ 'ਦਵਾਈਆਂ ਦੀ ਹਰੇਕ ਵਿਅਕਤੀ ਤੱਕ ਪਹੁੰਚ: ਪੰਜਾਬ ਤੋਂ ਇਕ ਅਧਿਐਨ' ਵਿਸ਼ੇ ਹੇਠਲੇ ਦਸਤਾਵੇਜ਼ ਲਈ ਪਹਿਲਾ ਇਨਾਮ ਮਿਲਿਆ। ਉਨ੍ਹਾਂ ਕਿਹਾ ਕਿ ਇਸ ਕਾਨਫਰੰਸ ਵਿੱਚ 85 ਮੁਲਕਾਂ ਨੇ ਭਾਗ ਲਿਆ ਅਤੇ ਚਾਰ ਦੇਸ਼ਾਂ ਨੇ ਆਪਣੇ ਦਸਤਾਵੇਜ਼ ਦਾਖ਼ਲ ਕੀਤੇ, ਜਿਨ੍ਹਾਂ ਵਿੱਚੋਂ ਪੰਜਾਬ ਸਰਕਾਰ ਦੇ ਦਸਤਾਵੇਜ਼ ਨੂੰ ਅੰਤਮ ਪੇਸ਼ਕਾਰੀ ਲਈ ਚੁਣਿਆ ਗਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਦੀ ਸਫ਼ਲਤਾ ਦੀ ਕਹਾਣੀ ਦੱਸੀ ਅਤੇ ਦੱਸਿਆ ਕਿ ਕਿਵੇਂ ਪੰਜਾਬ ਸਰਕਾਰ ਨੇ ਮੁੱਢਲੀਆਂ ਸਿਹਤ ਸੰਭਾਲ ਸਹੂਲਤਾਂ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਅਤੇ ਮਿਆਰੀ ਸਿਹਤ ਸੰਭਾਲ ਸੇਵਾਵਾਂ ਦਿੱਤੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਜੇਤੂ ਐਂਟਰੀ ਵਿੱਚ ਵਿਗਿਆਨ ਉਤੇ ਜ਼ੋਰ, ਸਮੱਸਿਆਵਾਂ ਦੇ ਹੱਲ ਲਈ ਸੁਪਰ ਪੁਜ਼ੀਸ਼ਨਿੰਗ, ਹੱਲ ਤੇ ਪ੍ਰਭਾਵ ਦੀ ਸਪੱਸ਼ਟਤਾ, ਨਵੀਨ ਹੱਲ, ਸਿਆਸੀ ਇੱਛਾ ਸ਼ਕਤੀ ਕਿਵੇਂ ਮੁੱਢਲੇ ਸਿਹਤ ਸੰਭਾਲ ਢਾਂਚੇ ਦੀ ਕਾਇਆਕਲਪ ਲਈ ਸਹਾਈ, ਪ੍ਰਾਈਵੇਟ ਖ਼ੇਤਰ ਨਾਲ ਸਹਿਯੋਗ ਤੇ ਸੁਧਾਰਾਂ ਲਈ ਸਪੱਸ਼ਟ ਵਿਆਖਿਆ ਨੂੰ ਦਰਸਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਸੰਮੇਲਨ ਦੇ ਭਾਈਵਾਲ ਮੁਲਕਾਂ ਨੇ ਇੱਛਾ ਜਤਾਈ ਕਿ ਉਹ ਪੰਜਾਬ ਆ ਕੇ ਆਮ ਆਦਮੀ ਕਲੀਨਿਕ ਦੇਖਣ ਦੇ ਇੱਛੁਕ ਹਨ ਅਤੇ ਉਹ ਇਹ ਗੱਲ ਸਮਝਣੀ ਚਾਹੁੰਦੇ ਹਨ ਕਿ ਕਿਵੇਂ ਮਰੀਜ਼ਾਂ ਨੂੰ ਬਿਨਾਂ ਕਿਸੇ ਖ਼ਰਚ ਦੇ ਉਨ੍ਹਾਂ ਦੇ ਘਰਾਂ ਦੇ ਨੇੜੇ 84 ਦਵਾਈਆਂ ਤੇ 40 ਕਲੀਨਿਕਲ ਟੈਸਟ ਕੀਤੇ ਜਾਂਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਈਵਾਲ ਮੁਲਕ ਇਸ ਗੱਲੋਂ ਵੀ ਹੈਰਾਨ ਸਨ ਕਿ ਸਾਰੇ ਆਮ ਆਦਮੀ ਕਲੀਨਿਕ ਆਈ.ਟੀ. ਨਾਲ ਲੈਸ ਹਨ ਅਤੇ ਰਜਿਸਟਰੇਸ਼ਨ, ਡਾਕਟਰ ਦੀ ਸਲਾਹ, ਟੈਸਟ ਤੇ ਦਵਾਈਆਂ ਪੂਰੀ ਤਰ੍ਹਾਂ ਡਿਜੀਟਾਈਜ਼ਡ ਹਨ।

ਸੂਬੇ ਦੇ ਲੋਕਾਂ ਨੂੰ ਮੁਬਾਰਕਬਾਦ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਾਨਤਾ ਨੇ ਸੂਬੇ ਦੇ ਲੋਕਾਂ ਦੀ ਹੋਰ ਸਮਰਪਣ ਨਾਲ ਸੇਵਾ ਕਰਨ ਦਾ ਜਜ਼ਬਾ ਭਰਿਆ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਅਜਿਹੀਆਂ ਹੋਰ ਕੋਸ਼ਿਸ਼ਾਂ ਕੀਤੀਆਂ ਜਾਣਗੀਆਂ ਤਾਂ ਕਿ ਇਨ੍ਹਾਂ ਲੋਕ-ਪੱਖੀ ਪਹਿਲਕਦਮੀਆਂ ਨਾਲ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਣਾ ਯਕੀਨੀ ਬਣੇ। ਭਗਵੰਤ ਸਿੰਘ ਮਾਨ ਨੇ ਇਸ ਨਿਵੇਕਲੇ ਮਾਅਰਕੇ ਲਈ ਸਿਹਤ ਵਿਭਾਗ ਨੂੰ ਮੁਬਾਰਕਬਾਦ ਦਿੱਤੀ ਅਤੇ ਉਮੀਦ ਜਤਾਈ ਕਿ ਉਹ ਇਸੇ ਮਿਸ਼ਨਰੀ ਭਾਵਨਾ ਨਾਲ ਲੋਕਾਂ ਦੀ ਸੇਵਾ ਜਾਰੀ ਰੱਖਣਗੇ।

# ਕੈਬਨਿਟ ਮੀਟਿੰਗ ਵਿਚ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਕੀਤਾ ਅੱਖੋਂ ਪਰੋਖੇ

## ਰੋਸ ਵਜੋਂ, ਪੀ.ਐਸ.ਐਮ.ਐਸ.ਯੂ. ਵਲੋਂ ਜਾਰੀ ਹੜਤਾਲ 'ਚ 28 ਨਵੰਬਰ ਤੱਕ ਇਜਾਫਾ



ਲੁਧਿਆਣਾ, 20 ਨਵੰਬਰ (ਗਿਆਨ ਸਿੰਘ): ਪੰਜਾਬ ਸਰਕਾਰ ਦੇ ਅੜੀਅਨ ਵਤੀਰੇ ਸਦਕਾ, ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ (ਪੀ.ਐਸ.ਐਮ.ਯੂ.) ਵੱਲੋਂ ਜਾਰੀ ਹੜਤਾਲ ਵਿੱਚ 28 ਨਵੰਬਰ ਤੱਕ ਵਾਧਾ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਪੀ.ਐਸ.ਐਮ.ਐਸ.ਯੂ. ਦੇ ਸਮੂਹ ਦਫਤਰੀ ਕਾਮਿਆਂ ਵੱਲੋ ਜਾਰੀ ਹੜਤਾਲ ਅੱਜ 13 ਵੇਂ ਦਿਨ ਵਿੱਚ ਸ਼ਾਮਲ ਹੋ ਗਈ ਹੈ ਜਿਸਦੇ ਤਹਿਤ ਜ਼ਿਲ੍ਹਾ ਖ਼ਜਾਨਾ ਦਫਤਰ ਲੁਧਿਆਣਾ ਵਿਖੇ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਜ਼ਿਲ੍ਹਾ ਲੁਧਿਆਣਾ ਨਾਲ ਸਬੰਧਤ 56 ਮਹਿਕਮਿਆਂ ਨਾਲ ਸਬੰਧਤ ਸੈਂਕੜੇ ਮੁਲਾਜ਼ਮ ਸ਼ਾਮਿਲ ਸਨ। ਇਸ ਧਰਨੇ ਦੌਰਾਨ ਦਫਤਰੀ ਕਾਮਿਆਂ ਦੇ ਵਿਸ਼ਾਲ ਇਕੱਠ ਨੇ ਰੈਲੀ ਦਾ ਰੂਪ ਧਾਰਣ ਕਰ ਲਿਆ ਅਤੇ ਇਸ ਇਕਠ ਵੱਲੋਂ ਜਿਲ੍ਹਾ ਖ਼ਜਾਨਾ ਦਫਤਰ ਲੁਧਿਆਣਾ ਤੋਂ ਲੈ ਕੇ ਦਫਤਰ ਡਿਪਟੀ ਕਮਿਸ਼ਨਰ ਲੁਧਿਆਣਾ ਤੱਕ ਰੋਸ਼ ਮਾਰਚ ਕਰਦੇ ਹੋਏ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ. ਉਪਰੰਤ ਦਫਤਰ ਡਿਪਟੀ ਕਮਿਸ਼ਨਰ ਲੁਧਿਆਣਾ ਵਿਖੇ ਵੀ ਧਰਨਾ ਦਿੱਤਾ ਗਿਆ।

ਜੱਥੇਬੰਦੀ ਦੇ ਆਗ{ਆ ਅਮਿਤ ਅਰੋੜਾ, ਸੰਜੀਵ ਭਾਰਗਵ, ਏ.ਪੀ. ਮੌਰਿਆ ਅਤੇ ਸੁਨੀਲ ਕੁਮਾਰ ਵੱਲੋਂ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੀ ਕੈਬਨਿਟ ਕਮੇਟੀ ਵਿੱਚ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਗਿਆ ਹੈ ਅਤੇ ਮੁਲਾਜ਼ਮ ਜੱਥੇਬੰਦੀ ਨੂੰ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜ਼ਬੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੀ.ਐਸ.ਐਮ.ਯੂ. ਵੱਲੋਂ ਜਾਰੀ ਹੜਤਾਲ ਵਿੱਚ 28 ਨਵੰਬਰ ਤੱਕ ਵਾਧਾ ਕੀਤਾ ਗਿਆ ਹੈ।

ਇਸ ਮੌਕੇ ਮੁਲਾਜਮਾਂ ਦਾ ਸਮਰਥਨ ਕਰਦਿਆਂ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਕਿਹਾ ਗਿਆ ਕਿ ਜੇਕਰ ਸਰਕਾਰ ਮੁਲਾਜਮਾਂ ਦੀਆਂ ਮੰਗਾ ਦਾ ਹਲ ਸਮੇਂ ਸਿਰ ਨਹੀਂ ਕਰਦੀ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਆਮ ਜਨਤਾ ਨੂੰ ਸਰਕਾਰ ਦੇ ਝੂਠੇ ਲਾਰਿਆ ਪ੍ਰਤੀ ਜਾਗਰੂਕ ਕੀਤਾ ਜਾਵੇਗਾ।

ਇਕੱਠ ਨੂੰ ਸੰਬੋਧਨ ਕਰਦਿਆਂ ਸੰਦੀਪ ਭਾਂਬਕ ਜਿਲ੍ਹਾ ਪ੍ਰਧਾਨ ਸੀ.ਪੀ.ਐਫ. ਯੂਨੀਅਨ, ਲਖਵੀਰ ਸਿੰਘ ਗਰੇਵਾਲ ਅਤੇ ਗੁਰਬਾਜ਼ ਸਿੰਘ ਮੱਲੀ ਵੱਲੋਂ ਕਿਹਾ ਗਿਆ ਕਿ ਸਰਕਾਰ ਨੂੰ ਸਾਲ 2022 ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸਬੰਧੀ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਨੂੰ ਅੱਜ ਦੀ ਕੈਬਨਿਟ ਮੀਟਿੰਗ ਵਿੱਚ ਮੁਕੰਮਲ ਤੌਰ ਤੇ ਲਾਗੂ ਕਰਨਾ ਚਾਹੀਦਾ ਸੀ ਜੋਕਿ ਉਨ੍ਹਾਂ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਹੁਣ ਮੁਲਾਜ਼ਮ ਜੱਥੇਬੰਦੀ ਵਲੋਂ 09 ਦਸੰਬਰ, 2023 ਨੂੰ ਵਾਈ.ਪੀ.ਐਸ. ਚੌਕ ਮੋਹਾਲੀ ਵਿਖੇ ਸੀ.ਪੀ.ਐਫ. ਕਰਮਚਾਰੀ ਯੂਨੀਅਨ, ਪੰਜਾਬ ਵੱਲੋਂ ਨਿਰਧਾਰਤ 'ਕਰੋ ਜਾਂ ਮਰੋ' ਸੂਬਾ ਪੱਧਰੀ ਰੈਲੀ ਵਿੱਚ ਭਰਵਾਂ ਇਕੱਠ ਕਰਦੇ ਹੋਏ ਸਰਕਾਰ ਵਿਰੁੱਧ ਰੋਸ ਮੁਜਾਹਰਾ ਕੀਤਾ ਜਾਵੇਗਾ।

ਇਸ ਦੌਰਾਨ ਮੁੱਖ ਬੁਲਾਰੇ ਤਜਿੰਦਰ ਸਿੰਘ ਢਿੱਲੋਂ, ਜਗਦੇਵ ਸਿੰਘ, ਪੈਨਸ਼ਨਰ ਐਸੋਸੀਏਸ਼ਨ ਦੇ ਚੇਅਰਮੈਨ ਸ੍ਰੀ ਦਲੀਪ ਸਿੰਘ, ਹਰਬੰਤ ਸਿੰਘ ਮਾਂਗਟ, ਸੁਸ਼ੀਲ ਕੁਮਾਰ, ਨਿਰਮਲ ਸਿੰਘ ਲਲਤੋਂ, ਵਰਿੰਦਰ ਕੁਮਾਰ, ਅਕਾਸ਼ਦੀਪ, ਰਵੀ ਕੁਮਾਰ, ਨਵਦੀਪ ਸਿੰਘ, ਗੁਰਪ੍ਰੀਤ ਸਿੰਘ, ਹਰਜੀਤ ਸਿੰਘ ਗਰੇਵਾਲ, ਡਾ. ਮਹਿੰਦਰ ਸਿੰਘ ਸ਼ਾਰਧਾ ਅਤੇ ਹੋਰ ਬਹੁਤ ਸਾਰੇ ਵਿਭਾਗਾਂ ਦੇ ਆਗੂਆਂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨੋ ਵਹੀਕਲ ਡੇ ਮਨਾਇਆ ਗਿਆ



ਸ੍ਰੀ ਮੁਕਤਸਰ ਸਾਹਿਬ, 20 ਨਵੰਬਰ (ਗਿਆਨ ਸਿੰਘ): ਮਾਨਯੋਗ ਸੁਪਰੀਪ ਕੋਰਟ ਅਤੇ ਕਾਰਜਕਾਰੀ ਚੇਅਰਮੈਨ, ਸ੍ਰੀ ਗੁਰਮੀਤ ਸਿੰਘ, ਸੰਧਾਵਾਲੀਆ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜਹ ਦੀਆਂ ਹਦਾਇਤਾਂ ਅਨੁਸਾਰ ਅੱਜ ਰਾਜ ਕੁਮਾਰ, ਜ਼ਿਲ੍ਹਾ ਅਤੇ ਸ਼ੈਸ਼ਨ ਜੱਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੁਕਤਸਰ ਸਾਹਿਬ ਦੀ ਅਗਵਾਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪ੍ਰਦੂਸ਼ਣ ਘਟਾਉਣ ਸਬੰਧੀ ਸਾਰੇ ਜੂਡੀਅਸ਼ਲ ਅਫਸਰ, ਸਟਾਫ, ਬਾਰ ਐਸੋਸੀਏਸ਼ਨ ਦੇ ਵਕੀਲ ਸਮੇਤ ਮੁਨਸ਼ੀਆਂ ਨੂੰ ਅਪੀਲ ਕੀਤੀ ਕਿ ਅੱਜ ਦੇ ਦਿਨ ਨੂੰ ਸਫਲਤਾਪੂਰਵਕ ਮਨਾਉਣ ਲਈ ਕੋਈ ਵੀ ਵਹੀਕਲ ਨਾ ਚਲਾਇਆ ਜਾਵੇ।

ਇਸ ਮੌਕੇ ਰਾਜ ਕੁਮਾਰ, ਜ਼ਿਲ੍ਹਾ ਅਤੇ ਸ਼ੈਸ਼ਨ ਜੱਜ, ਸਮੇਤ ਸਮੂਹ ਜੂਡੀਸ਼ੀਅਲ ਅਫਸਰ ਕੋਰਟ ਕੰਪਲੈਕਸ ਵਿਖੇ ਸਾਈਕਲ ਤੇ ਕੋਰਟ ਕੰਪਲੈਕਸ ਪੁੱਜੇ, ਇਸ ਤੋਂ ਇਲਾਵਾ ਵਕੀਲ, ਸਟਾਫ ਆਦਿ ਨੇ ਵੀ ਬਿਨ੍ਹਾਂ ਵਹੀਕਲ ਤੋਂ ਕਚਹਿਰੀ ਵਿੱਚ ਹਾਜਰ ਹੋਏ।
ਇਸ ਤੋਂ ਇਲਾਵਾ ਮੈਡਮ ਹਰਪ੍ਰੀਤ ਕੌਰ ਨੇ ਦੱਸਿਆ ਕਿ ਅਸੀਂ ਸਾਰੇ ਵਾਤਾਵਰਨ ਨੂੰ ਸਵੱਛ ਬਣਾਉਣ ਲਈ ਵੱਚਨਬਧ ਹਾਂ। ਸਾਨੂੰ ਸਾਰਿਆਂ ਨੂੰ ਵਾਤਾਰਵਰਨ ਨੂੰ ਸਾਫ ਬਣਾਉਣ ਵਿਚ ਵੱਧ ਤੋਂ ਵੱਧ ਸਹਿਯੋਗ ਦੇਣਾ ਚਾਹੀਦਾ ਹੈ।

ਇਸ ਤੋਂ ਇਲਾਵਾ ਜ਼ਿਲਾਂ ਕਚਹਿਰੀ ਕੰਪਲੈਕਸ, ਸ਼ਰੀ ਮੁਕਤਸਰ ਸਾਹਿਬ ਵਿਖੇ ਆ ਕੇ ਕਾਨੂੰਨੀ ਸਲਾਹ/ਸਹਾਇਤਾ ਲੈ ਸਕਦੇ ਹਨ। ਮਿਤੀ 09.12.2023 ਨੂੰ ਨੈਸ਼ਨਲ ਲੋਕ ਅਦਾਲਤ ਵੀ ਲਗਾਈ ਜਾ ਰਹੀ ਹੈ।ਜਿਸ ਵਿੱਚ ਗੰਭੀਰ ਫੌਜਦਾਰੀ ਕੇਸਾਂ ਨੂੰ ਛੱਡ ਕੇ ਹਰ ਤਰ੍ਹਾਂ ਦੇ ਕੇਸ ਲੋਕ ਅਦਾਲਤ ਵਿੱਚ ਸੁਣੇ ਜਾਣਗੇ। ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਸਹਾਇਤਾ ਲਈ ਨਾਲਸਾ ਟੋਲ ਫ੍ਰੀ ਨੰਬਰ 1501 ਤੇ/ ਵੀ ਸੰਪਰਕ ਕੀਤਾ ਜਾ ਸਕਦਾ ਹੈ। ਸਰੀ ਭੁਪਿੰਦਰ ਸਿੰਘ ਚੜ੍ਹੇਵਾਨ ਜ਼ਿਲ੍ਹਾ ਪ੍ਰਧਾਨ ਬਾਰ ਐਸੋਸੀਏਸ਼ਨ ਨੇ ਵੀ ਅਪੀਲ ਕੀਤੀ ਕਿ ਵਾਤਾਵਰਨ ਨੂੰ ਸਵੱਛ ਬਣਾਉਣ ਵਿੱਚ ਸਾਰਿਆਂ ਦਾ ਸਹਿਯੋਗ ਜ਼ਰੂਰੀ ਹੈ।






# Dr. Randhawa Dentistry



*Your own dentist who really cares for you*

**We Provide the following Services:**

- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment


**Dr. Samreet Kaur Randhawa**
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

**NEW LOCATION**
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

**INVISALIGN & BRACES INCLUDING CLEAR BRACES**
*Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ*
*Show Your Smile More With Invisible Braces!*



**FIRST LOCATION**
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






# Grand Upholstery Ltd

**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

**ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ**




**Tel: 905.791.2888 Cell: 647.293.3212**
2053 Williams Pkwy, Unit -45, Brampton | Email: grandupholstery@gmail.com

## URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

# JAG AUJLA
MCNE, REAL ESTATE BROKER
**416-371-7777**
e-mail: j.aujla@rogers.com or visit: www.jagaujla.com

MCNE

**CALL JAG AUJLA FOR A QUICK & FREE HOME EVALUATION**

www.BramptonTopRealtor.com

## RECENTLY LISTED/SOLD IN YOUR NEIGHBOURHOOD

**Brampton Ontario (108 Toba Cres)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, ਹਾਈਵੇ 410 ਦੇ ਬਿਲਕੁਲ ਨਜ਼ਦੀਕ, ਘਰ ਵਿਚ 3 ਬੈਡਰੂਮ ਅਤੇ 4 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਗਰਾਜ ਤੋਂ ਬੈਕਯਾਰਡ ਤੱਕ ਦਰਵਾਜੇ ਦੀ ਇੰਟਰੈਂਸ, ਪਾਰਕ, ਸਕੂਲ ਅਤੇ ਪਲਾਜ਼ਾ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**Brampton Ontario (30 Gardenbrooke Tr)**



ਖੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ, ਚਾਰਦਿਵਾਰੀ ਦੇ ਨਾਲ ਯਾਰਡ, ਸਕੂਲ, ਪਾਰਕ ਅਤੇ ਪਬਲਿਕ ਟਰਾਂਜ਼ਿਟ ਦੇ ਨੇੜੇ ਅਤੇ ਹੋਰ ਵੀ ਬਹੁਤ ਕੁੱਝ।

**FREE**

- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

**JAG AUJLA** MCNE, Real Estate Broker **416-371-7777**

NOT INTENDED TO SOLICIT BUYERS OR SELLERS CURRENTLY UNDER CONTRACT




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

***SERVING FROM ALL LOCATIONS IN GTA AREA:***

*10 Westmore Drive*
*Etobicoke ON M9V-3Z7*
*416-740-3262*

*21 Lacoste Blvd,*
*Brampton, ON L6P 2K2*
*905 794-8109*

*621 Wanless drive, # 122*
*Brampton ON L7A 0A9*
*905-495-3336*

*1075 Ceremonial Drive*
*Mississauga ON L5R 2Z4*
*905-502-1600*

*80 Pertosa Drive*
*Brampton ON L5X-5E9*
*905-460-0009*

*10510 Torbram Road,*
*Brampton*
*905-790-0030*

*2120 North park Drive*
*Brampton ON L6S 0C9*
*905-793-1338*

*10 Pannahill Dr,*
*Brampton*
*905 913-8017*